ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit punjabipost.ca/epaper | Vol 22* Issue 236 | Tuesday, December 26, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

## ਹਿੱਟ ਐਂਡ ਰੰਨ ਮਾਮਲੇ ਵਿੱਚ ਇੱਕ ਜ਼ਖ਼ਮੀ




ਇਟੋਬੀਕੋ, 25 ਦਸੰਬਰ (ਪੋਸਟ ਬਿਊਰੋ) : ਇਟੋਬੀਕੋ ਵਿੱਚ ਕ੍ਰਿਸਮਸ ਤੋਂ ਇੱਕ ਦਿਨ ਪਹਿਲਾਂ ਇੱਕ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਰਾਹਗੀਰ ਜ਼ਖ਼ਮੀ ਹੋ ਗਿਆ। ਉਸ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ। ਗੱਡੀ ਦਾ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ।

ਟੋਰਾਂਟੋ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਇਹ ਘਟਨਾ ਰਾਤੀਂ 9:20 ਉੱਤੇ ਐਗਲਿੰਟਨ ਐਵਨਿਊ ਵੈਸਟ ਤੇ ਮਾਰਟਿਨ ਗ੍ਰੋਵ ਰੋਡ ਉੱਤੇ ਵਾਪਰੀ। ਪੁਲਿਸ ਨੇ ਦੱਸਿਆ ਕਿ ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਜਿਸ ਗੱਡੀ ਵੱਲੋਂ ਟੱਕਰ ਮਾਰੀ ਗਈ ਉਹ ਗ੍ਰੇਅ ਰੰਗ ਦੀ ਮਾਜ਼ਦਾ ਸੇਡਾਨ ਸੀ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਕ੍ਰਿਸਮਸ ਮੌਕੇ ਫੋਰਡ ਨੇ ਫਰਸਟ ਰਿਸਪਾਂਡਰਜ਼ ਦਾ ਕੀਤਾ ਧੰਨਵਾਦ, ਚਾਓ ਨੇ ਲੋੜਵੰਦਾਂ ਦੀ ਮਦਦ ਕਰਨ ਦਾ ਦਿੱਤਾ ਸੁਨੇਹਾ

ਓਨਟਾਰੀਓ, 25 ਦਸੰਬਰ (ਪੋਸਟ ਬਿਊਰੋ) : ਓਨਟਾਰੀਓ ਦੇ ਪ੍ਰੀਮੀਅਰ ਡੱਗ ਫੋਰਡ ਤੇ ਟੋਰਾਂਟੋ ਦੀ ਮੇਅਰ ਓਲੀਵੀਆ ਚਾਓ ਨੇ ਸੋਮਵਾਰ ਨੂੰ ਆਪਣੇ ਕ੍ਰਿਸਮਸ ਸੁਨੇਹਿਆਂ ਵਿੱਚ ਸਾਰਿਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ।

ਆਪਣੇ ਸੁਨੇਹੇ ਵਿੱਚ ਓਨਟਾਰੀਓ ਵਾਸੀਆਂ ਨੂੰ ਕ੍ਰਿਸਮਸ ਦੀਆਂ ਵਧਾਈਆਂ ਦਿੰਦਿਆਂ ਫੋਰਡ ਨੇ ਆਖਿਆ ਕਿ ਇਹ ਸਮਾਂ ਜੋ ਕੁੱਝ ਸਾਡੇ ਕੋਲ ਹੈ ਉਸ ਲਈ ਧੰਨਵਾਦ ਕਰਨ ਦਾ ਹੈ ਤੇ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣ ਦਾ ਹੈ। ਉਨ੍ਹਾਂ ਛੁੱਟੀਆਂ ਵਿੱਚ ਕੰਮ ਕਰਨ ਵਾਲੇ ਫਰਸਟ ਰਿਸਪਾਂਡਰਜ਼ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਆਖਿਆ ਕਿ ਇੱਕ ਪਾਸੇ ਅਸੀਂ ਆਪਣੇ ਪਿਆਰਿਆਂ ਨੂੰ ਮਿਲ ਰਹੇ ਹੁੰਦੇ ਹਾਂ ਤੇ ਇਸ ਦੌਰਾਨ ਫਰਸਟ ਰਿਸਪਾਂਡਰਜ਼ ਤੇ ਹੈਲਥ ਕੇਅਰ ਵਰਕਰਜ਼ ਸਾਡੇ ਲੋਕਾਂ ਤੇ ਕਮਿਊਨਿਟੀਜ਼ ਨੂੰ ਸੁਰੱਖਿਅਤ ਰੱਖਣ ਵਿੱਚ ਰੁੱਝੇ ਹੋਏ ਹੁੰਦੇ ਹਨ। ਉਨ੍ਹਾਂ ਵੱਲੋਂ ਰੋਜ਼ਾਨਾ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ਲਈ ਅਸੀਂ ਉਨ੍ਹਾਂ ਦੇ ਧੰਨਵਾਦੀ ਹਾਂ।



ਇਸ ਦੌਰਾਨ ਟੋਰਾਂਟੋ ਦੀ ਮੇਅਰ ਓਲੀਵੀਆ ਚਾਓ ਨੇ ਆਖਿਆ ਕਿ ਇਹ ਖੁਸ਼ੀਆਂ ਤੇ ਖੇੜਿਆਂ ਦਾ ਤਿਓਹਾਰ ਹੈ ਤੇ ਅਸੀਂ ਆਪਣੇ ਰਿਸ਼ਤੇਦਾਰਾਂ ਤੇ ਦੋਸਤਾਂ ਨੂੰ ਮਿਲਦੇ ਗਿਲਦੇ ਹਾਂ ਪਰ ਸਾਨੂੰ ਲੋੜਵੰਦਾਂ ਦੀ ਮਦਦ ਵੀ ਜ਼ਰੂਰ ਕਰਨੀ ਚਾਹੀਦੀ ਹੈ। ਸਾਨੂੰ ਆਪਣੀ ਕਮਿਊਨਿਟੀ ਲਈ ਚੈਰਿਟੀ ਕਰਨੀ ਚਾਹੀਦੀ ਹੈ, ਵਾਲੰਟੀਅਰਿੰਗ ਕਰਨੀ ਚਾਹੀਦੀ ਹੈ ਤੇ ਇੱਕ ਦੂਜੇ ਦਾ ਖਿਆਲ ਰੱਖਣਾ ਚਾਹੀਦਾ ਹੈ। ਫੋਰਡ ਨੇ ਇਜ਼ਰਾਈਲ ਤੇ ਹਮਸ ਜੰਗ ਦਾ ਜ਼ਿਕਰ ਕਰਦਿਆਂ ਆਖਿਆ ਕਿ ਸਾਡੇ ਪ੍ਰੋਵਿੰਸ ਵਿੱਚ ਵੀ ਕਈਆਂ ਨੂੰ ਇੰਟਰਨੈਸ਼ਨਲ ਸੰਘਰਸ਼ਾਂ ਕਾਰਨ ਪਰੇਸ਼ਾਨੀ ਵਿੱਚੋਂ ਲੰਘਣਾ ਪੈ ਰਿਹਾ ਹੈ ਪਰ ਅਸੀਂ ਆਸ ਕਰਦੇ ਹਾਂ ਕਿ ਸੀਜ਼ਨ ਦੀ ਸਪਿਰਿਟ ਸ਼ਾਂਤੀ ਤੇ ਆਸ ਵਾਪਿਸ ਲਿਆਵੇ।

## ਛੁਰੇਬਾਜ਼ੀ ਵਿੱਚ ਜ਼ਖ਼ਮੀ ਵਿਅਕਤੀ ਨੇ ਫਾਰਮੇਸੀ ਵਿੱਚ ਜਾ ਕੇ ਮੰਗੀ ਮਦਦ

ਟੋਰਾਂਟੋ, 25 ਦਸੰਬਰ (ਪੋਸਟ ਬਿਊਰੋ) : ਕ੍ਰਿਸਮਸ ਵਾਲੇ ਦਿਨ ਡਾਊਨਟਾਊਨ ਟੋਰਾਂਟੋ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜ-ਾਇਆ ਗਿਆ।



ਦੁਪਹਿਰੇ 3:45 ਦੇ ਨੇੜੇ ਤੇੜੇ ਯੰਗ ਤੇ ਚਾਰਲਸ ਸਟਰੀਟਸ ਦੇ ਕੋਨੇ ਉੱਤੇ ਵਾਪਰੀ ਇਸ ਘਟਨਾ ਤੋਂ ਬਾਅਦ ਐਮਰਜੰਸੀ ਅਮਲੇ ਨੂੰ ਸੱਦਿਆ ਗਿਆ। ਮਦਦ ਲੈਣ ਲਈ ਜ਼ਖ਼ਮੀ ਵਿਅਕਤੀ ਆਪ ਹੀ ਤੁਰ ਕੇ ਫਾਰਮੇਸੀ ਜਾ ਪਹੁੰਚਿਆ। ਟੋਰਾਂਟੋ ਪੈਰਾਮੈਡਿਕ ਸਰਵਿਸਿਜ਼ ਦੇ ਬੁਲਾਰੇ ਨੇ ਦੱਸਿਆ ਕਿ ਉਸ ਵਿਅਕਤੀ ਦੀ ਹਾਲਤ ਗੰਭੀਰ ਪਰ ਸਥਿਰ ਸੀ।

ਸੋਸ਼ਲ ਮੀਡੀਆ ਉੱਤੇ ਦਿੱਤੀ ਗਈ ਅਪਡੇਟ ਵਿੱਚ ਟੋਰਾਂਟੋ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇੰਜ ਲੱਗਦਾ ਹੈ ਕਿ ਇਹ ਘਟਨਾ ਚਾਰਲਸ ਸਟਰੀਟ ਦੇ ਪਾਰਕਿੰਗ ਲੌਟ ਵਿੱਚ ਵਾਪਰੀ। ਸੋਮਵਾਰ ਦੁਪਹਿਰ ਤੱਕ ਜਾਂਚਕਾਰਾਂ ਵੱਲੋਂ ਮਸ਼ਕੂਕ ਸਬੰਧੀ ਜਾਣਕਾਰੀ ਜਾਰੀ ਨਹੀਂ ਸੀ ਕੀਤੀ ਗਈ।

## ਛੁਰੇਬਾਜ਼ੀ ਕਾਰਨ ਇੱਕ ਜ਼ਖ਼ਮੀ

ਟੋਰਾਂਟੋ 25 ਦਸੰਬਰ (ਪੋਸਟ ਬਿਊਰੋ) : ਸੋਮਵਾਰ ਸਵੇਰੇ ਜੇਨ ਸਟਰੀਟ ਤੇ ਵੈਸਟਨ ਰੋਡ ਇਲਾਕੇ ਵਿੱਚ ਛੁਰੇਬਾਜ਼ੀ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਪੁਲਿਸ ਨੂੰ ਰਾਤੀਂ 12:16 ਵਜੇ ਦੇ ਨੇੜੇ ਤੇੜੇ ਕਾਲ ਮਿਲੀ ਤੇ ਉਨ੍ਹਾਂ ਨੂੰ ਦੱਸਿਆ ਗਿਆ ਕਿ ਇੱਕ ਵਿਅਕਤੀ, ਜੋ ਕਿ ਆਪਣੇ 30ਵਿਆਂ ਵਿੱਚ ਸੀ, ਉੱਤੇ ਚਾਕੂ ਨਾਲ ਵਾਰ ਕੀਤੇ ਜਾਣ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਐਮਰਜੰਸੀ ਰੰਨ ਰਾਹੀਂ ਹਸਪਤਾਲ ਲਿਜਾਇਆ ਗਿਆ।

ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਸੀ ਪਰ ਉਸ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਗਈ। ਮਸ਼ਕੂਕ ਅਜੇ ਵੀ ਫਰਾਰ ਹੈ ਤੇ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਇਮਰਾਨ ਖਾਨ ਦੀ ਪਾਰਟੀ ਚੋਣ ਕਮਿਸ਼ਨ ਦੇ ਫੈਸਲੇ ਨੂੰ ਹਾਈਕੋਰਟ ਵਿਚ ਦੇਵੇਗੀ ਚੁਣੌਤੀ

ਇਸਲਾਮਾਬਾਦ, 25 ਦਸੰਬਰ (ਪੋਸਟ ਬਿਊਰੋ): ਪਾਕਿਸਤਾਨ ਤਹਿਰੀਕ-ਏ-ਇਨਸਾਫ ਨੇ ਸੋਮਵਾਰ ਨੂੰ ਕਿਹਾ ਕਿ ਉਹ ਪੇਸ਼ਾਵਰ ਹਾਈਕੋਰਟ ਵਿੱਚ ਚੋਣ ਕਮਿਸ਼ਨ (ਈਸੀਪੀ) ਦੇ ਅੰਤਰ-ਪਾਰਟੀ ਚੋਣਾਂ ਨੂੰ ਗੈਰ-ਸੰਵਿਧਾਨਕ ਘੋਸ਼ਤਿ ਕਰਨ ਅਤੇ ਕ੍ਰਿਕਟ ਬੈਟ ਦੇ ਚੋਣ ਨਿਸ਼ਾਨ ਨੂੰ ਰੱਦ ਕਰਨ ਦੇ ਫੈਸਲੇ ਨੂੰ ਚੁਣੌਤੀ ਦੇਵੇਗੀ। ਈਸੀਪੀ ਦੇ ਪੰਜ ਮੈਂਬਰੀ ਬੈਂਚ ਨੇ ਸ਼ੁੱਕਰਵਾਰ ਨੂੰ ਇਮ-ਰਾਨ ਖਾਨ ਦੀ ਪਾਰਟੀ ਦੀਆਂ ਸੰਗਠਨਾਤਮਕ ਚੋਣਾਂ ਨੂੰ ਰੱਦ ਕਰ ਦਿੱਤਾ ਸੀ। ਇਸ ਤੋਂ ਇਲਾਵਾ ਕਮਿਸ਼ਨ ਨੇ ਆਉਣ ਵਾਲੀਆਂ ਆਮ ਚੋਣਾਂ ਵਿੱਚ ਕ੍ਰਿਕਟ ਬੈਟ ਨੂੰ ਚੋਣ ਨਿਸ਼ਾਨ ਵਜੋਂ ਬਰਕਰਾਰ ਰੱਖਣ ਦੀ ਅਪੀਲ ਨੂੰ ਵੀ ਰੱਦ ਕਰ ਦਿੱਤਾ ਸੀ।

ਪੀਟੀਆਈ ਦੇ ਵਕੀਲ ਅਤੇ ਕੇਂਦਰੀ ਸੂਚਨਾ ਸਕੱਤਰ ਮੁਹੰਮਦ ਮੁਅ-ਜ਼ਮ ਬੱਟ ਨੇ ਸੋਮਵਾਰ ਨੂੰ ਕਿਹਾ ਕਿ ਪਾਰਟੀ ਨੇ ਹਾਈਕੋਰਟ ਤੱਕ ਪਹੁੰਚ ਕਰਨ ਦਾ ਫੈਸਲਾ ਕੀਤਾ ਹੈ ਅਤੇ 26 ਦਸੰਬਰ ਨੂੰ ਰਿੱਟ ਪਟੀਸ਼ਨ ਦਾਇਰ ਕਰੇਗੀ। ਉਨ੍ਹਾਂ ਕਿਹਾ ਕਿ ਪਾਰਟੀ ਲੀਡਰਸ਼ਿਪ ਕੇਸ ਦਰਜ ਕਰੇਗੀ। ਉਨ੍ਹਾਂ ਦਾਅਵਾ ਕੀਤਾ ਕਿ ਈਸੀਪੀ ਦਾ ਫ਼ੈਸਲਾ ਕਾਨੂੰਨੀ ਤੌਰ 'ਤੇ ਖ਼ਰਾਬ ਸੀ। ਕਮਿਸ਼ਨ ਆਪਣੇ ਹੁਕਮਾਂ ਵਿੱਚ ਇਨਸਾਫ਼ ਕਰਨ ਵਿੱਚ ਨਾਕਾਮ ਰਿਹਾ ਹੈ।



ਚੋਣ ਕਮਿਸ਼ਨ ਨੇ ਇੱਕ ਮਹੀਨੇ ਦੇ ਅੰਦਰ ਦੂਜੀ ਵਾਰ ਪੀਟੀਆਈ ਦੀਆਂ ਅੰਦਰੂਨੀ ਚੋਣਾਂ ਨੂੰ ਅਯੋਗ ਕਰਾਰ ਦਿੱਤਾ ਹੈ। ਇਨ੍ਹਾਂ ਚੋਣਾਂ ਵਿੱਚ ਗੌਹਰ ਅਲੀ ਖਾਨ ਨੂੰ ਪਾਰਟੀ ਦਾ ਨਵਾਂ ਪ੍ਰਧਾਨ ਚੁਣਿਆ ਗਿਆ। ਇਸ ਫੈਸਲੇ ਨਾਲ ਇਮਰਾਨ ਖਾਨ ਪਾਰਟੀ ਦੇ ਪ੍ਰਧਾਨ ਦੇ ਅਹੁਦੇ ਤੋਂ ਹੱਥ ਧੋ ਬੈਠੇ ਹਨ। ਗੌਹਰ ਖਾਨ ਨੂੰ ਇਮਰਾਨ ਖਾਨ ਦਾ ਕਰੀਬੀ ਮੰਨਿਆ ਜਾਂਦਾ ਹੈ। ਇਮਰਾਨ ਖਾਨ ਕ੍ਰਿਕਟ ਬੱਲੇ ਦਾ ਸਮਰਥਕ ਵੀ ਹੈ, ਕਿਉਂਕਿ ਉਹ ਪਹਿਲੇ ਅੰਤਰਰਾਸ਼ਟਰੀ ਕ੍ਰਿਕਟ ਖਿਡਾਰੀ ਰਹੇ ਹਨ। ਉਹ ਇਸ ਸਮੇਂ ਰਾਵਲਪਿੰਡੀ ਦੀ ਅਦਿਆਲਾ ਜੇਲ੍ਹ ਵਿੱਚ ਬੰਦ ਹੈ ਅਤੇ ਕਈ ਕੇਸਾਂ ਦਾ ਸਾਹਮਣਾ ਕਰ ਰਿਹਾ ਹੈ। ਈਸੀਪੀ ਨੇ ਪਾਰਟੀ ਨੂੰ ਅਗਲੇ ਸਾਲ 8 ਫਰਵਰੀ ਨੂੰ ਹੋਣ ਵਵਾਲੀਆਂ ਆਮ ਚੋਣਾਂ ਲੜਨ ਲਈ ਚੋਣ ਨਿਸ਼ਾਨ ਪ੍ਰਾਪਤ ਕਰਨ ਤੋਂ ਅਯੋਗ ਕਰਾਰ ਦਿੱਤਾ ਹੈ।

## ਅਮਰੀਕਾ ਵੱਲੋਂ ਲਾਏ ਵਪਾਰਕ ਜਹਾਜ਼ 'ਤੇ ਡਰੋਨ ਹਮਲੇ ਦੇ ਦੋਸ਼ਾਂ ਨੂੰ ਈਰਾਨ ਨੇ ਨਕਾਰਿਆ

ਵਾਸ਼ਿੰਗਟਨ, 25 ਦਸੰਬਰ (ਪੋਸਟ ਬਿਊਰੋ): ਸ਼ਨੀਵਾਰ ਨੂੰ ਅਰਬ ਸਾਗਰ 'ਚ ਇਕ ਵਪਾਰਕ ਜਹਾਜ਼ 'ਤੇ ਡਰੋਨ ਹਮਲੇ ਤੋਂ ਬਾਅਦ ਭਾਰਤੀ ਜਲ ਸੈਨਾ ਅਲਰਟ ਹੋ ਗਈ ਹੈ। ਅਮਰੀਕਾ ਨੇ ਇਸ ਹਮਲੇ ਲਈ ਈਰਾਨ 'ਤੇ ਦੋਸ਼ ਲਗਾਇਆ। ਇਸ ਦੌਰਾਨ ਸੋਮਵਾਰ ਨੂੰ ਈਰਾਨ ਨੇ ਅਮਰੀਕਾ ਦੇ ਗੰਭੀਰ ਦੋਸ਼ਾਂ ਨੂੰ ਖਾਰਜ ਕਰ ਦਿੱਤਾ ਹੈ। ਈਰਾਨ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਕਿ ਅਮਰੀਕਾ ਵੱਲੋਂ ਲਗਾਏ ਗਏ ਸਾਰੇ ਦੋਸ਼ ਬੇਬੁਨਿਆਦ ਹਨ। ਜ਼ਿਕਰਯੋਗ ਹੈ ਕਿ 23 ਦਸੰਬਰ ਨੂੰ ਸ਼ਨੀਵਾਰ ਸਵੇਰੇ ਕਰੀਬ 10 ਵਜੇ ਵੇਰਾਵਲ ਤੋਂ ਕਰੀਬ 200 ਨੌਟੀਕਲ ਮੀਲ ਦੱਖਣ-ਪੱਛਮ 'ਚ ਵਾਪਰੀ। ਹਾਲਾਂਕਿ ਇਸ ਹਮਲੇ 'ਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ ਪਰ ਜਹਾਜ਼ ਨੂੰ ਕਾਫ਼ੀ ਨੁਕਸਾਨ ਪਹੁੰਚਿਆ ਹੈ। ਨਿਊਜ਼ ਏਜੰਸੀ ਰਾਇਟਰਜ਼ ਨੂੰ ਪੈਂਟਾਗਨ ਦੇ ਬੁਲਾਰੇ ਦੇ ਬਿਆਨ ਮੁਤਾਬਕ ਜਹਾਜ਼ 'ਤੇ ਈਰਾਨ ਵੱਲੋਂ ਦਾਗੇ ਗਏ ਇਕਪਾਸੜ ਹਮਲੇ ਵਾਲੇ ਡਰੋਨ ਨਾਲ ਹਮਲਾ ਕੀਤਾ ਗਿਆ। ਲਾਇਬੇਰੀਆ ਦੇ ਝੰਡੇ ਵਾਲਾ ਕੇਮ ਪਲੂਟੋ ਜਹਾਜ਼ ਈਰਾਨ ਤੋਂ ਸ਼ੁਰੂ ਕੀਤੇ ਗਏ ਡਰੋਨ ਹਮਲੇ ਦਾ ਸ਼ਿਕਾਰ ਹੋ ਗਿਆ ਹੈ। ਜਿਕਰਯੋਗ ਹੈ ਕਿ ਤੇਲ ਟੈਂਕਰ 'ਤੇ ਹਮਲਾ ਸ਼ਨੀਵਾਰ ਸਵੇਰੇ ਕਰੀਬ 10 ਵਜੇ ਹੋਇਆ। ਟੈਂਕਰ 'ਤੇ ਸਵਾਰ ਚਾਲਕ ਦਲ ਦੇ ਸਾਰੇ ਮੈਂਬਰ ਸੁਰੱਖਿਅਤ ਹਨ, ਜਿਨ੍ਹਾਂ 'ਚ ਕਰੀਬ 20 ਭਾਰਤੀ ਵੀ ਸ਼ਾਮਲ ਹਨ। ਡਰੋਨ ਹਮਲੇ ਕਾਰਨ ਟੈਂਕਰ ਨੂੰ ਅੱਗ ਲੱਗ ਗਈ ਪਰ ਇਸ ਨੂੰ ਬੁਝਾਇਆ ਗਿਆ ਅਤੇ ਕੋਈ ਵੱਡਾ ਨੁਕਸਾਨ ਨਹੀਂ ਹੋਇਆ। ਜਦੋਂ ਟੈਂਕਰ 'ਤੇ ਹਮਲਾ ਕੀਤਾ ਗਿਆ ਤਾਂ ਇਹ ਭਾਰਤੀ ਤੱਟ ਤੋਂ ਕਰੀਬ 200 ਨੌਟੀਕਲ ਮੀਲ ਦੂਰ ਸੀ। ਹਮਲੇ ਦੀ ਸੂਚਨਾ ਮਿਲਦੇ ਹੀ ਭਾਰਤੀ ਜਲ ਸੈਨਾ ਨੇ ਤੁਰੰਤ ਜਵਾਬੀ ਕਾਰਵਾਈ ਕੀਤੀ ਅਤੇ ਟੈਂਕਰ ਦੀ ਸੁਰੱਖਿਆ ਲਈ ਇੱਕ ਜਹਾਜ਼ ਰਵਾਨਾ ਕੀਤਾ। ਟੈਂਕਰ ਦੀ ਸੁਰੱਖਿਆ ਲਈ ਭਾਰਤੀ ਤੱਟ ਰੱਖਿਅਕ ਜਹਾਜ਼ ICGS ਨੂੰ ਵੀ ਭੇਜਿਆ ਗਿਆ ਸੀ।

## ਡਾਊਨਟਾਊਨ ਟੋਰਾਂਟੋ ਵਿੱਚ ਛੁਰੇਬਾਜ਼ੀ ਵਿੱਚ ਮਹਿਲਾ ਹੋਈ ਜ਼ਖ਼ਮੀ

ਟੋਰਾਂਟੋ, 25 ਦਸੰਬਰ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਵਿੱਚ ਸੋਮਵਾਰ ਸਵੇਰੇ ਇੱਕ ਮਹਿਲਾ ਉੱਤੇ ਚਾਕੂ ਨਾਲ ਕੀਤੇ ਗਏ ਵਾਰ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ। ਟੋਰਾਂਟੋ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।




ਇਹ ਘਟਨਾ ਡੰਡਾਸ ਸਟਰੀਟ ਈਸਟ ਤੇ ਪਾਰਲੀਆਮੈਂਟ ਸਟਰੀਟ ਨੇੜੇ ਵਾਪਰੀ। ਟੋਰਾਂਟੋ ਪੁਲਿਸ ਨੂੰ ਸਵੇਰੇ 4:30 ਵਜੇ ਤੋਂ ਬਾਅਦ ਘਟਨਾ ਦੀ ਜਾਣਕਾਰੀ ਦੇ ਕੇ ਸੱਦਿਆ ਗਿਆ। ਮੌਕੇ ਉੱਤੇ ਪੁਲਿਸ ਨੂੰ ਇੱਕ 20 ਸਾਲਾ ਮਹਿਲਾ ਜ਼ਖ਼ਮੀ ਹਾਲਤ ਵਿੱਚ ਮਿਲੀ। ਪੈਰਾਮੈਡਿਕਸ ਵੱਲੋਂ ਉਸ ਨੂੰ ਹਸਪਤਾਲ ਲਿਜਾਇਆ ਗਿਆ। ਉਸ ਦੀ ਹਾਲਤ ਖ਼ਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਮਸ਼ਕੂਕ ਮੌਕੇ ਤੋਂ ਫਰਾਰ ਹੋ ਗਿਆ। ਪੁਲਿਸ ਵੱਲੋਂ ਮਸ਼ਕੂਕ ਸਬੰਧੀ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

MagGas Medical Brampton
MGM
MAGGAS MEDICAL INC.
Helping you breathe deep and rest easy.
CPAP ਮਸ਼ੀਨਾਂ, ਮਾਸਕ ਅਤੇ ਸਪਲਾਈ
ਮੁਫ਼ਤ ਸਲਾਹ
ਓਨਟਾਰੀਓ ਡਿਸਏਬਿਲਟੀ ਸਪੋਰਟ ਪ੍ਰੋਗਰਾਮ ਲਈ ਮੁਫ਼ਤ
ਓਨਟਾਰੀਓ ਵਰਕਸ ਲਈ ਮੁਫ਼ਤ
ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

NOW HIRING !!!
ALLKIND INSURANCE
•Life Insurance
•Critical illness Ins
•Travel & Visitor Ins
•RESP & TFSA & RRSP
• Super Visa Insurance
• Mortgage Insurance
• Disability Insurance
• Funeral Insurance
SIMRAN SAINI
416.994.7272
www.allkindinsurance.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

KELLEY LAW OFFICE
Immigration
Family Law
Corporate
Power of Attorney/Affidavit /Attestations
Real Estate
Business Closing
Wills & Estate
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Avon Financial
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law
• Wills & Estates
• Power of Attorney
• Affidavits Notarization / Declaration
• Business Law
• Family Law
• Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ >>

ਬੋਲਿਆ ਦੱਖਣ ਦਾ ਐਤਕੀਂ ਫੇਰ ਲੀਡਰ,
ਰੱਫੜ ਨਵਾਂ ਇੱਕ ਦਿੱਤਾ ਉਸ ਪਾ ਮੀਆਂ।
ਲੱਗਿਆ ਹਿੰਦੀ ਦਾ ਕਰਨ ਵਿਰੋਧ ਤਕੜਾ,
ਦਿੱਤਾ ਈ ਬਿਹਾਰ ਦਾ ਰਾਜ ਹਿਲਾ ਮੀਆਂ।
ਯੂ ਪੀ ਤੀਕਰ ਵੀ ਲੋਕ ਹਨ ਖਿਝਣ ਲੱਗੇ,
ਪੁੱਜੀਲਹਿਰਸੀ ਦਿੱਲੀ ਵਿੱਚ ਆ ਮੀਆਂ।
ਇੰਡੀਆ ਧੜੇ ਦੇ ਲੀਡਰ ਸਭ ਪਏ ਸੋਚੀਂ,
ਸਕਣ ਨਾ ਪੱਲਾ ਇਹ ਕਿਵੇਂ ਛੁਡਾ ਮੀਆਂ।
ਜਦ ਤੱਕ ਮਾਮਲਾ ਮੱਠਾ ਜਿਹਾ ਪੈਣ ਲੱਗਾ,
ਕਹਿਣੀ ਕਿਸੇ ਨੇ ਨਵੀਂ ਕੋਈ ਗੱਲ ਮੀਆਂ।
ਸੌਖਾ ਭਾਜਪਾ ਦਾ ਰਾਹ ਇਹ ਕਰਨ ਵਾਲੇ,
ਹਰ ਕੋਈ ਮਾਰੇ ਬੱਸ ਝੱਲ ਵਲੱਲ ਮੀਆਂ।

**ਤੀਸ ਮਾਰ ਖਾਂ**

# ਦੇਸ਼ ਭਰ ਵਿਚ ਪਿਛਲੇ 24 ਘੰਟਿਆਂ ਦੌਰਾਨ ਕੋਰੋਨਾ ਮਰੀਜ਼ਾਂ ਦੀ ਗਿਣਤੀ ਚਾਰ ਹਜ਼ਾਰ ਤੋਂ ਪਾਰ



ਨਵੀਂ ਦਿੱਲੀ, 25 ਦਸੰਬਰ (ਪੋਸਟ ਬਿਊਰੋ): ਦੇਸ਼ 'ਚ ਕੋਰੋਨਾ ਵਾਇਰਸ ਦੇ ਸੰਕਰਮਿਤ ਮਰੀਜ਼ਾਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਪਿਛਲੇ 24 ਘੰਟਿਆਂ ਵਿੱਚ, ਦੇਸ਼ ਭਰ ਵਿੱਚ ਸਰਗਰਮ ਕੋਰੋਨਾ ਸੰਕਰਮਿਤ ਮਰੀਜ਼ਾਂ ਦੀ ਗਿਣਤੀ 4054 ਤੱਕ ਪਹੁੰਚ ਗਈ ਹੈ। ਇੱਕ ਦਿਨ ਪਹਿਲਾਂ 3742 ਐਕਟਿਵ ਕੇਸ ਸਾਹਮਣੇ ਆਏ ਸਨ। ਸਿਹਤ ਮੰਤਰਾਲੇ ਨੇ ਕਿਹਾ ਕਿ ਪਿਛਲੇ 24 ਘੰਟਿਆਂ ਵਿੱਚ ਸਿਰਫ਼ ਇੱਕ ਮਰੀਜ਼ ਦੀ ਮੌਤ ਹੋਈ ਹੈ। ਕੋਵਿਡ-19 ਦੇ ਨਵੇਂ ਸਬ-ਵੇਰੀਐਂਟ ਜੇ.ਐਨ.1 ਦੇ ਪੰਜ ਮਾਮਲੇ ਠਾਣੇ, ਮਹਾਰਾਸ਼ਟਰ ਤੋਂ ਸਾਹਮਣੇ ਆਏ ਹਨ।

ਸਿਹਤ ਮੰਤਰਾਲੇ ਦੇ ਅਨੁਸਾਰ, ਸਵੇਰੇ 8 ਵਜੇ ਅਪਡੇਟ ਕੀਤੇ ਗਏ ਅੰਕੜਿਆਂ ਦੇ ਅਨੁਸਾਰ, ਕੇਰਲ ਵਿੱਚ ਸਭ ਤੋਂ ਵੱਧ ਐਕਟਿਵ ਕੇਸ ਪਾਏ ਗਏ ਹਨ। ਪਿਛਲੇ 24 ਘੰਟਿਆਂ ਵਿੱਚ ਇੱਥੇ 128 ਸਰਗਰਮ ਮਾਮਲੇ ਸਾਹਮਣੇ ਆਏ ਹਨ। ਇਸ ਦੇ ਨਾਲ ਹੀ ਸੂਬੇ ਵਿੱਚ ਕੋਰੋਨਾ ਪੀੜਤਾਂ ਦੀ ਗਿਣਤੀ ਤਿੰਨ ਹਜ਼ਾਰ ਤੋਂ ਵੱਧ ਹੋ ਗਈ ਹੈ। ਇੱਕ ਨਵੇਂ ਮਰੀਜ਼ ਦੀ ਮੌਤ ਨਾਲ ਦੇਸ਼ ਭਰ ਵਿੱਚ ਕੋਰੋਨਾ ਨਾਲ ਮਰਨ ਵਾਲਿਆਂ ਦੀ ਗਿਣਤੀ 5,33,334 ਹੋ ਗਈ ਹੈ।
ਸਿਹਤ ਮੰਤਰਾਲੇ ਦੇ ਅਨੁਸਾਰ, ਨਵਾਂ ਰੂਪ ਤੇਜ਼ੀ ਨਾਲ ਫੈਲ ਰਿਹਾ ਹੈ, ਪਰ ਇਸ ਨਾਲ ਮਰੀਜ਼ ਗੰਭੀਰ ਰੂਪ ਵਿੱਚ ਬਿਮਾਰ ਨਹੀਂ ਹੋ ਰਹੇ ਹਨ। ਪਿਛਲੇ 24 ਘੰਟਿਆਂ ਵਿੱਚ 315 ਮਰੀਜ਼ ਕੋਰੋਨਾ ਸੰਕਰਮਣ ਤੋਂ ਠੀਕ ਹੋ ਗਏ ਹਨ। ਇਸ ਨਾਲ ਹੁਣ ਤੱਕ ਦੇਸ਼ ਭਰ ਵਿੱਚ 4.44 ਕਰੋੜ ਤੋਂ ਵੱਧ ਮਰੀਜ਼ ਕੋਰੋਨਾ ਸੰਕਰਮਣ ਤੋਂ ਮੁਕਤ ਹੋ ਚੁੱਕੇ ਹਨ। ਤੁਹਾਨੂੰ ਦੱਸ ਦਈਏ ਕਿ ਕੋਰੋਨਾ ਦੇ ਨਵੇਂ ਸਬ-ਵੇਰੀਐਂਟ ਜੇ.ਐਨ.1 ਦਾ ਪਹਿਲਾ ਮਾਮਲਾ ਕੇਰਲ ਵਿੱਚ ਸਾਹਮਣੇ ਆਇਆ ਸੀ। ਮਹਾਰਾਸ਼ਟਰ ਦੇ ਠਾਣੇ ਵਿੱਚ ਪਿਛਲੇ 24 ਘੰਟਿਆਂ ਵਿੱਚ ਕੋਰੋਨਾ ਦੇ ਨਵੇਂ ਰੂਪ ਦੇ ਪੰਜ ਮਾਮਲੇ ਸਾਹਮਣੇ ਆਏ ਹਨ।

# ਗੁਰੂਗ੍ਰਾਮ 'ਚ ਨਿਰਮਾਣ ਅਧੀਨ ਜਗਨਨਾਥ ਮੰਦਰ ਦੀ ਕੰਧ ਡਿੱਗੀ, ਮਲਬੇ ਹੇਠ ਦਬੇ ਪੰਜ ਮਜ਼ਦੂਰ

ਚੰਡੀਗੜ੍ਹ, 25 ਦਸੰਬਰ (ਪੋਸਟ ਬਿਊਰੋ): ਦਿੱਲੀ ਦੇ ਨਾਲ ਲੱਗਦੇ ਗੁਰੂਗ੍ਰਾਮ 'ਚ ਸੋਮਵਾਰ ਨੂੰ ਵੱਡਾ ਹਾਦਸਾ ਵਾਪਰਿਆ ਹੈ। ਇੱਥੇ ਸੈਕਟਰ 15 ਦੇ ਪਾਰਟ 2 ਵਿੱਚ ਨਿਰਮਾਣ ਅਧੀਨ ਜਗਨਨਾਥ ਮੰਦਰ ਦੀ ਕੰਧ ਡਿੱਗ ਗਈ। ਇਸ ਦੌਰਾਨ ਮੌਕੇ 'ਤੇ ਹੀ ਪੰਜ ਮਜ਼ਦੂਰ ਮਲਬੇ ਹੇਠਾਂ ਦਬ ਗਏ। ਹਾਦਸੇ ਦੀ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੀ ਬਚਾਅ ਟੀਮ ਨੇ ਸਾਰੇ ਕਰਮਚਾਰੀਆਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਬਚਾਅ ਮੁਹਿੰਮ ਚਲਾਈ, ਜਿਸ ਤੋਂ ਬਾਅਦ ਸਾਰਿਆਂ ਨੂੰ ਬਾਹਰ ਕੱਢ ਲਿਆ ਗਿਆ। ਸਾਰੇ ਮਜ਼ਦੂਰਾਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਡਾਕਟਰਾਂ ਨੇ ਚਾਰ ਦੀ ਹਾਲਤ ਠੀਕ ਦੱਸੀ ਹੈ ਜਦਕਿ ਇੱਕ ਦੀ ਇਲਾਜ ਦੌਰਾਨ ਮੌਤ ਹੋ ਗਈ। ਸਿਵਲ ਲਾਈਨ 'ਤੇ ਸਥਿਤ ਜਗਨਨਾਥ ਮੰਦਰ 'ਚ ਬੇਸਮੈਂਟ ਦੀ ਉਸਾਰੀ ਦਾ ਕੰਮ ਚੱਲ ਰਿਹਾ ਸੀ, ਜਿਸ 'ਚ ਕਈ ਮਜ਼ਦੂਰ ਕੰਮ ਕਰ ਰਹੇ ਸਨ। ਬੇਸਮੈਂਟ ਵਿੱਚ ਮਿੱਟੀ ਖਿਸਕਣ ਕਾਰਨ ਨੇੜਲੇ ਬਿਜਲੀ ਬੋਰਡ ਦੀ ਕੰਧ ਹੇਠਾਂ ਤੋਂ ਟੁੱਟ ਕੇ ਮਜ਼ਦੂਰਾਂ 'ਤੇ ਡਿੱਗ ਗਈ। ਜਿਸ ਵਿੱਚ ਇੱਕ ਮਜ਼ਦੂਰ ਚੰਦਰਪਾਲ (26) ਦੀ ਮੌਤ ਹੋ ਗਈ। ਐਨ.ਡੀ.ਆਰ.ਐੱਫ ਅਤੇ ਐੱਸ.ਡੀ.ਆਰ.ਐੱਫ ਸਿਵਲ ਡਿਫੈਂਸ ਟੀਮਾਂ ਕੰਮ ਕਰ ਰਹੀਆਂ ਹਨ।

# ਸਪੀਕਰ ਸੰਧਵਾਂ ਵੱਲੋਂ ਪੱਤਰਕਾਰਾਂ ਦੀਆਂ ਲਗਭਗ ਸਾਰੀਆਂ ਮੰਗਾਂ ਜਲਦ ਮੰਨਣ ਦਾ ਭਰੋਸਾ

## ਸੂਬਾਈ ਜੱਥੇਬੰਦੀ ਵਲੋਂ ਲਿਆਂਦੇ ਪੱਤਰਕਾਰਾਂ ਨੂੰ ਸਪੀਕਰ ਸੰਧਵਾਂ ਨੇ ਵੰਡੇ ਸ਼ਨਾਖਤੀ ਕਾਰਡ



ਕੋਟਕਪੂਰਾ, 25 ਦਸੰਬਰ (ਗਿਆਨ ਸਿੰਘ): ਆਪਣੀ ਜਾਨ ਜੋਖਮ ਵਿੱਚ ਪਾ ਕੇ ਜਿੱਥੇ ਸਮਾਜਿਕ ਤਾਣੇ ਬਾਣੇ ਨੂੰ ਦਰੁਸਤ ਰੱਖਣ ਲਈ ਪੱਤਰਕਾਰ ਭਾਈਚਾਰਾ ਵਧੀਆ ਸੇਵਾ ਕਾਰਜ ਕਰ ਰਿਹਾ ਹੈ, ਉੱਥੇ ਮੈਨੂੰ ਸਪੀਕਰ ਦੇ ਅਹੁਦੇ ਤੱਕ ਪਹੁੰਚਾਉਣ ਵਿੱਚ ਪੱਤਰਕਾਰ ਭਾਈਚਾਰੇ ਦਾ ਵੀ ਵੱਡਮੁੱਲਾ ਯੋਗਦਾਨ ਹੈ। ਪੰਜਾਬ ਚੰਡੀਗੜ ਜਰਨਲਿਸਟ ਯੂਨੀਅਨ ਦੀ ਮੀਟਿੰਗ ਦੌਰਾਨ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਜਿੱਥੇ ਪੱਤਰਕਾਰਾਂ ਦੀਆਂ ਲਗਭਗ ਸਾਰੀਆਂ ਮੰਗਾਂ ਮੰਨਣ ਦਾ ਵਿਸ਼ਵਾਸ਼ ਦਿਵਾਇਆ, ਉੱਥੇ ਨਿਰਪੱਖ ਪੱਤਰਕਾਰਾਂ ਦੀ ਸਰਗਰਮੀ ਦੀ ਪ੍ਰਸੰਸਾ ਵੀ ਕੀਤੀ। ਮੀਟਿੰਗ ਦੀ ਸ਼ੁਰੂਆਤ ਤੋਂ ਪਹਿਲਾਂ ਯੂਨੀਅਨ ਦੇ ਸਰਗਰਮ ਮੈਂਬਰ ਡਾ. ਸੁਰਿੰਦਰ ਕੁਮਾਰ ਦਿਵੇਦੀ ਦੇ ਵਿਛੋੜੇ 'ਤੇ ਦੋ ਮਿੰਟ ਦਾ ਮੌਨ ਧਾਰ ਕੇ ਉਹਨਾ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਯੂਨੀਅਨ ਦੇ ਕੌਮੀ ਸਕੱਤਰ ਜਨਰਲ ਅਤੇ ਸੂਬਾਈ ਚੇਅਰਮੈਨ ਬਲਵਿੰਦਰ ਸਿੰਘ ਜੰਮੂ ਨੇ ਪੱਤਰਕਾਰਾਂ ਨੂੰ ਆਉਂਦੀਆਂ ਮੁਸ਼ਕਿਲਾਂ, ਸਮੱਸਿਆਵਾਂ ਅਤੇ ਪ੍ਰੇਸ਼ਾਨੀਆਂ ਤੋਂ ਜਾਣੂ ਕਰਵਾਉਂਦਿਆਂ ਆਖਿਆ ਕਿ ਤਤਕਾਲੀਨ ਰਵਾਇਤੀ ਪਾਰਟੀਆਂ ਦੀਆਂ ਸਮੇਂ ਸਮੇਂ ਬਣਦੀਆਂ ਸਰਕਾਰਾਂ ਦੀ ਤਰਾਂ ਸੱਤਾਧਾਰੀ ਧਿਰ ਵੀ ਪੱਤਰਕਾਰਾਂ ਨੂੰ ਪ੍ਰੇਸ਼ਾਨੀਆਂ ਤੋਂ ਨਿਜ਼ਾਤ ਦਿਵਾਉਣ ਲਈ ਗੰਭੀਰ ਨਹੀਂ ਅਤੇ ਨਾ ਹੀ ਪੱਤਰਕਾਰਾਂ ਦੀਆਂ ਵਾਜਬ ਮੰਗਾਂ ਅਤੇ ਲੋੜਾਂ ਵੱਲ ਧਿਆਨ ਦੇਣ ਦੀ ਜਰੂਰਤ ਸਮਝੀ ਜਾ ਰਹੀ ਹੈ। ਯੂਨੀਅਨ ਦੇ ਕਾਰਜਕਾਰੀ ਸੂਬਾਈ ਪ੍ਰਧਾਨ ਜੈ ਸਿੰਘ ਛਿੱਬਰ ਨੇ ਯੂਨੀਅਨ ਦੀ ਹੁਣ ਤੱਕ ਦੀ ਕਾਰਗੁਜਾਰੀ ਅਤੇ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ। ਸਟੇਜ ਸੰਚਾਲਨ ਕਰਦਿਆਂ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਬਲਾਕ ਕੋਟਕਪੂਰਾ ਜਥੇਬੰਦੀ ਦੇ ਇਕ ਸਾਲ ਦੇ ਸੇਵਾ ਕਾਰਜਾਂ ਦੀ ਸੰਖੇਪ ਵਿੱਚ ਰਿਪੋਰਟ ਸਾਹਮਣੇ ਰੱਖੀ। ਪੰਜਾਬੀ ਨਿਊਜ ਆਨਲਾਈਨ ਤੋਂ ਸੁਖਨੈਬ ਸਿੱਧੂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਪ੍ਰਧਾਨ ਹਰਪ੍ਰੀਤ ਸਿੰਘ ਚਾਨਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸੂਬਾਈ ਜਥੇਬੰਦੀ ਵਲੋਂ ਪੱਤਰਕਾਰਾਂ ਲਈ ਲਿਆਂਦੇ ਸ਼ਾਨਦਾਰ ਸ਼ਨਾਖਤੀ ਕਾਰਡ ਸਪੀਕਰ ਸੰਧਵਾਂ ਰਾਹੀਂ ਪੱਤਰਕਾਰਾਂ ਨੂੰ ਵੰਡੇ ਗਏ। ਇਸ ਮੌਕੇ ਬਲਾਕ ਕੋਟਕਪੂਰਾ ਦੀ ਸਮੁੱਚੀ ਕਾਰਜਕਾਰਨੀ ਸਮੇਤ ਬਠਿੰਡਾ ਤੋਂ ਗੁਰਤੇਜ ਸਿੰਘ ਸਿੱਧੂ ਅਤੇ ਮਨਿੰਦਰ ਸਿੰਘ ਆਦਿ ਵੀ ਹਾਜਰ ਸਨ।

# ਬਾਬਾ ਮੋਤੀ ਰਾਮ ਮਹਿਰਾ ਜੀ ਦੀ ਯਾਦ 'ਚ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿਖੇ ਦੁੱਧ ਦੇ ਲੰਗਰ ਲਗਾਏ



ਮੁੱਲਾਂਪੁਰ ਦਾਖਾ, 25 ਦਸੰਬਰ (ਗਿਆਨ ਸਿੰਘ): ਅੱਜ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ, ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰੀ ਜੀ ਨੂੰ ਗਰਮ ਦੁੱਧ ਛਕਾਉਣ ਵਾਲੇ ਬਾਬਾ ਮੋਤੀ ਰਾਮ ਮਹਿਰਾ ਜੀ ਦੀ ਯਾਦ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਵੱਲੋਂ ਰਕਬਾ ਭਵਨ ਵਿਖੇ ਦੁੱਧ ਦੇ ਲੰਗਰ ਲਗਾਏ ਗਏ। ਇਸ ਸਮੇਂ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਅਮਰੀਕਾ ਫਾਊਂਡੇਸ਼ਨ ਦੇ ਪ੍ਰਧਾਨ ਗੁਰਮੀਤ ਸਿੰਘ ਗਿੱਲ, ਜਰਨਲ ਸਕੱਤਰ ਫਾਊਂਡੇਸ਼ਨ ਪੰਜਾਬ ਬਲਵੀਰ ਸਿੰਘ ਗਿੱਲ ਸਰਪੰਚ ਮੁੱਲਾਂਪੁਰ, ਬੀਬੀ ਗੁਰਮੀਤ ਕੌਰ ਆਲੂਵਾਲੀਆ ਪ੍ਰਧਾਨ ਮਹਿਲਾ ਵਿੰਗ ਫਾਊਂਡੇਸ਼ਨ ਪੰਜਾਬ ਵਿਸ਼ੇਸ਼ ਤੌਰ 'ਤੇ ਸੇਵਾ ਨਿਭਾ ਰਹੇ ਸਨ।

ਇਸ ਸਮੇਂ ਸ੍ਰੀ ਬਾਵਾ ਅਤੇ ਗਿੱਲ ਨੇ ਕਿਹਾ ਕਿ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਪਰਿਵਾਰ ਨੂੰ ਤਸੀਹੇ ਦੇ ਕੇ ਕੋਲੂ ਵਿੱਚ ਪੀੜਿਆ ਗਿਆ ਜੋ ਸ਼ਹਾਦਤ ਲਾਮਿਸਾਲ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਫਤਿਹਗੜ੍ਹ ਸਾਹਿਬ ਵਿਖੇ ਬਾਬਾ ਮੋਤੀ ਰਾਮ ਮਹਿਰਾ ਅਤੇ ਸਾਹਿਬਜ਼ਾਦਿਆਂ ਦੇ ਸੰਸਕਾਰ ਲਈ ਜਮੀਨ ਲੈ ਕੇ ਦੇਣ ਵਾਲੇ ਦੀਵਾਨ ਟੋਡਰ ਮੱਲ ਜੀ ਦੀ ਯਾਦ ਕਾਇਮ ਕੀਤੀ ਜਾਵੇ ਅਤੇ ਦੀਵਾਨ ਟੋਡਰ ਮੱਲ ਜੀ ਦੀ ਜਹਾਜ਼ ਹਵੇਲੀ ਨੂੰ ਸਾਂਭਿਆ ਜਾਵੇ ਤਾਂ ਕਿ ਆਉਣ ਵਾਲੀਆਂ ਨਸਲਾਂ ਸਾਡੇ ਗੌਰਵਮਈ ਕੁਰਬਾਨੀਆਂ ਭਰੇ ਇਤਿਹਾਸ ਤੋਂ ਸੇਧ ਲੈ ਸਕਣ। ਇਸ ਸਮੇਂ ਸਹਿਰ ਆਲੂਵਾਲੀਆ, ਮਨਜੀਤ ਬਿੱਟੂ ਬਾਵਾ, ਰਮਨ ਬਾਵਾ, ਕੁਲਵਿੰਦਰ ਬਾਵਾ, ਪ੍ਰਦੀਪ ਬਾਵਾ, ਪਵਨ ਬਾਵਾ ਰੀਨਾ ਬਾਵਾ, ਬਲਵਿੰਦਰ ਬਾਵਾ ਕਨੇਡਾ, ਪਰਮਜੀਤ ਕੌਰ ਅਤੇ ਸੁਖਦੇਵ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।
















# ਅੰਤਰਰਾਸ਼ਟਰੀ ਪੱਤਰਕਾਰ ਨਰਪਾਲ ਸਿੰਘ ਸ਼ੇਰਗਿੱਲ ਦੀ ਪੁਸਤਕ 'ਇੰਡੀਅਨਜ਼ ਐਵਰੌਡ ਐਂਡ ਪੰਜਾਬ ਇਮਪੈਕਟ ਪੰਜਾਬੀ ਸੰਸਾਰ-2023' ਲੋਕ ਅਰਪਣ

## ਪ੍ਰਵਾਸ ਦੇ ਰੁਝਾਨ ਦਾ ਕਾਰਨ ਬੁੱਧੀਜੀਵੀ ਵਰਗ ਦੀ ਆਪਣੀ ਭੂਮਿਕਾ ਨਿਭਾਉਣ 'ਚ ਅਸਫਲਤਾ ਹੈ : ਡਾ. ਸਵਰਾਜ ਸਿੰਘ

ਫਗਵਾੜਾ, 25 ਦਸੰਬਰ (ਗਿਆਨ ਸਿੰਘ): ਵੱਧ ਰਹੇ ਪ੍ਰਵਾਸ ਦੇ ਰੁਝਾਨ ਨੂੰ ਪੰਜਾਬ ਦਾ ਸਭ ਤੋਂ ਵੱਡਾ ਸੰਕਟ ਦਸਦਿਆਂ, ਪ੍ਰਸਿੱਧ ਪੰਜਾਬੀ ਲੇਖਕ ਅਤੇ ਚਿੰਤਕ ਡਾ: ਸਵਰਾਜ ਸਿੰਘ ਨੇ ਕਿਹਾ ਕਿ ਇਸਦਾ ਮੁੱਖ ਕਾਰਨ ਬੁੱਧੀਜੀਵੀ ਵਰਗ ਦੀ ਇਸ ਸਬੰਧੀ ਆਪਣੀ ਭੂਮਿਕਾ ਨਿਭਾਉਣ 'ਚ ਅਸਫਲਤਾ ਹੈ।

ਉਹ ਅੱਜ ਇਥੇ ਪੰਜਾਬੀ ਕਾਲਮਨਵੀਸ ਪੱਤਰਕਾਰ ਮੰਚ ਅਤੇ ਪੰਜਾਬੀ ਵਿਰਸਾ ਟਰੱਸਟ ਵਲੋਂ ਕਰਵਾਏ ਗਏ ਇੱਕ ਸਮਾਗਮ ਵਿੱਚ "ਵਿਸ਼ਵ ਵਿੱਚ ਉੱਭਰ ਰਹੇ ਨਵੇਂ ਰੁਝਾਨ" ਸਬੰਧੀ ਆਪਣਾ ਕੁੰਜੀਵਤ ਸੰਬੋਧਨ ਕਰ ਰਹੇ ਸਨ। ਇਸ ਸਮਾਗਮ ਵਿੱਚ ਅੰਤਰਰਾਸ਼ਟਰੀ ਪੱਤਰਕਾਰ ਨਰਪਾਲ ਸਿੰਘ ਸ਼ੇਰਗਿੱਲ ਦੀ ਸਿਲਵਰ ਜੁਬਲੀ ਵੱਡ ਅਕਾਰੀ ਪੁਸਤਕ "ਇੰਡੀਅਨਜ਼ ਐਵਰੌਡ ਐਂਡ ਪੰਜਾਬ ਇਮਪੈਕਟ (ਪੰਜਾਬੀ ਸੰਸਾਰ-2023) ਵੱਡੀ ਗਿਣਤੀ 'ਚ ਹਾਜ਼ਰ ਲੇਖਕਾਂ, ਪੰਜਾਬੀ ਪਿਆਰਿਆਂ ਦੀ ਹਾਜ਼ਰੀ ਵਿੱਚ ਲੋਕ ਅਰਪਣ ਕੀਤੀ ਗਈ। ਆਪਣੇ ਸੰਬੋਧਨ ਨੂੰ ਅੱਗੇ ਤੋਰਦਿਆਂ ਡਾ: ਸਵਰਾਜ ਸਿੰਘ ਨੇ ਕਿਹਾ ਕਿ ਅਸੀਂ ਪ੍ਰਵਾਸ ਦੇ ਰੁਝਾਨ ਨੂੰ ਰੋਕ ਨਹੀਂ ਸਕੇ। ਉਹਨਾ ਨੇ ਅੰਤਰਰਾਸ਼ਟਰੀ ਪੱਧਰ 'ਤੇ ਵਾਪਰ ਰਹੀਆਂ ਪ੍ਰਮੁੱਖ ਘਟਨਾਵਾਂ ਦਾ ਜ਼ਿਕਰ ਕਰਦਿਆਂ ਰੂਸ ਯੂਕਰੇਨ, ਇਮਜ਼ਰਾਈਲ, ਫਲਸਤੀਨ ਜੰਗਾਂ ਦਾ ਵੀ ਜ਼ਿਕਰ ਕੀਤਾ। ਉਹਨਾ ਕਿਹਾ ਕਿ ਭਾਰਤ ਆਉਣ ਵਾਲੇ ਸਮੇਂ 'ਚ ਆਰਥਿਕ ਤੌਰ 'ਤੇ ਮੋਹਰੀ ਦੇਸ਼ ਬਨਣ ਵਾਲੇ ਪਾਸੇ ਵਧ ਰਿਹਾ ਹੈ, ਪਰ ਇਸ ਬਾਰੇ ਕੋਈ ਭਰੋਸਾ ਨਹੀਂ ਕਿ ਦੇਸ਼ 'ਚ ਦੌਲਤ ਦੀ ਵੰਡ ਸਾਂਵੀ ਪੱਧਰੀ ਹੋਵੇਗੀ ਜਾਂ ਨਹੀਂ। ਉਹਨਾ ਕਿਹਾ ਕਿ ਸਵਰਗ ਨਰਕ ਕੁਝ ਵੀ ਨਹੀਂ ਹੁੰਦਾ, ਇਹ ਸਿਰਫ਼ ਇੱਕ ਮਨੋਅਵਸਥਾ ਹੈ, ਜਿਸ ਬਾਰੇ ਗੁਰੂ ਨਾਨਕ ਦੇਵ ਜੀ ਦੀ ਫਿਲਾਸਫੀ ਅੱਛਾ ਮਾਰਗ ਦਰਸ਼ਨ ਕਰਦੀ ਹੈ।

ਸਮਾਗਮ ਦੀ ਪ੍ਰਧਾਨਗੀ ਡਾ: ਸਵਰਾਜ ਸਿੰਘ, ਸ: ਨਰਪਾਲ ਸਿੰਘ ਸ਼ੇਰਗਿੱਲ, ਸ: ਗਿਆਨ ਸਿੰਘ ਮੋਗਾ, ਪ੍ਰੋ: ਜਸਵੰਤ ਸਿੰਘ ਗੰਡਮ, ਪ੍ਰਿੰ: ਗੁਰਮੀਤ ਸਿੰਘ ਪਲਾਹੀ ਨੇ ਕੀਤੀ।

ਇਸ ਮੌਕੇ ਪੰਜਾਬੀ ਵਿਰਸਾ ਟਰੱਸਟ ਦੇ ਪ੍ਰਧਾਨ ਪ੍ਰੋ: ਜਸਵੰਤ ਸਿੰਘ ਗੰਡਮ ਨੇ ਆਏ ਲੇਖਕਾਂ ਤੇ ਪੰਜਾਬੀ ਪਿਆਰਿਆਂ ਨੂੰ ਜੀਅ ਆਇਆਂ ਕਹਿੰਦਿਆਂ ਡਾ: ਸਵਰਾਜ ਸਿੰਘ ਦੀ ਬੌਧਿਕਤਾ ਅਤੇ ਨਰਪਾਲ ਸਿੰਘ ਸ਼ੇਰਗਿੱਲ ਦੀ ਸਖ਼ਤ ਮਿਹਨਤ ਦੁਆਰਾ ਤਿਆਰ ਕੀਤੀ ਗਈ ਵਿਸ਼ਵ ਦਰਸ਼ਨ ਕਰਾਉਣ ਵਾਲੀ ਡਾਇਰੈਕਟਰੀ ਦੀ ਪ੍ਰਸੰਸਾ ਕੀਤੀ। ਉਹਨਾ ਨੇ ਦੇਸ਼ ਵਿੱਚ ਅਸਹਿਮਤੀ ਪ੍ਰਤੀ ਵਧ ਰਹੀ ਆਕਰਮਿਕ, ਅਸਹਿਨਸ਼ੀਲਤਾ ਉਤੇ ਚਿੰਤਾ ਪ੍ਰਗਟਾਈ।

ਸਮਾਗਮ ਮੌਕੇ ਨਰਪਾਲ ਸਿੰਘ ਸ਼ੇਰਗਿੱਲ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਉਹ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦਾ ਮੁਦੱਈ ਹੈ ਅਤੇ ਪਿਛਲੇ 57 ਸਾਲ ਤੋਂ ਨਿਰਪੱਖ ਪੱਤਰਕਾਰਤਾ ਨੂੰ ਪ੍ਰਣਾਇਆ ਹੋਇਆ ਹੈ। ਉਹਨਾ ਨੇ ਕਿਹਾ ਕਿ ਉਹ ਲੰਮੇ ਸਮੇਂ ਤੋਂ ਵਿਦੇਸ਼ ਵਸਦੇ ਪੰਜਾਬੀਆਂ, ਜਿਹਨਾ ਨੇ ਪੰਜਾਬ ਦਾ ਨਾਮ ਰੋਸ਼ਨ ਕੀਤਾ ਹੈ, ਦੀ ਸਾਂਝ ਪੰਜਾਬ ਦੇ ਲੋਕਾਂ ਨਾਲ ਤਾਂ ਪਵਾ ਹੀ ਰਿਹਾ ਹੈ ਪਰ ਨਾਲ ਦੀ ਨਾਲ ਸਿੱਖ ਧਰਮ ਦੇ ਸਾਂਝੀਵਾਲਤਾ ਦੇ ਉਪਦੇਸ਼ ਨੂੰ ਦੁਨੀਆ ਸਾਹਮਣੇ ਲਿਆਉਣ ਦਾ ਉਪਰਾਲਾ ਕਰਨ ਲਈ ਪੰਜਾਬੀ ਸੰਸਾਰ ਅਤੇ ਸਿੱਖ ਸੰਸਾਰ ਪੁਸਤਕਾਂ ਹਰ ਵਰ੍ਹੇ ਲੋਕ ਅਰਪਿਤ ਕਰਦਾ ਹੈ। ਇਸ ਮੌਕੇ ਪ੍ਰਿੰ: ਗੁਰਮੀਤ ਸਿੰਘ ਪਲਾਹੀ, ਐਡਵੋਕੇਟ ਐਸ.ਐਲ. ਵਿਰਦੀ, ਰਵਿੰਦਰ ਚੋਟ, ਗਿਆਨ ਸਿੰਘ ਮੋਗਾ, ਬਲਦੇਵ ਰਾਜ ਕੋਮਲ, ਇੰਦਰਜੀਤ ਸਿੰਘ ਸੰਪਾਦਕ ਸੱਤ ਸਮੰਦਰੋਂ ਪਾਰ ਨੇ ਵੀ ਸੰਬੋਧਨ ਕੀਤਾ।

ਸਮਾਗਮ ਵਿੱਚ ਹੋਰਨਾਂ ਤੋਂ ਬਿਨ੍ਹਾਂ ਗੁਰਿੰਦਰ ਖਹਿਰਾ, ਜਸਵਿੰਦਰ ਕੌਰ, ਪ੍ਰਿੰ: ਤਰਸੇਮ ਸਿੰਘ, ਕਰਮਜੀਤ ਸਿੰਘ ਸੰਧੂ, ਦਵਿੰਦਰ ਜੱਸਲ ਮਾਧੋਪੁਰੀ, ਰਾਮਪਾਲ ਮੱਲ, ਕੁਲਵੰਤ ਭਿੰਡਰ, ਰਮਨ ਨਹਿਰਾ, ਗੁਰਮੀਤ ਸਿੰਘ ਨੈਸ਼ਨਲ ਐਵਾਰਡੀ, ਰਵਿੰਦਰ ਰਾਏ, ਸੁਖਵਿੰਦਰ ਸਿੰਘ ਪ੍ਰਧਾਨ ਸਰਬ ਨੌਜਵਾਨ ਸਭਾ, ਕਮਲੇਸ਼ ਸੰਧੂ, ਮਾਸਟਰ ਮਨਦੀਪ ਸਿੰਘ, ਸੁਸ਼ੀਲ ਸ਼ਰਮਾ, ਅਸ਼ੋਕ ਸ਼ਰਮਾ, ਬੰਸੋ ਦੇਵੀ, ਜਨਕ ਪਲਾਹੀ, ਚਰਨਜੀਤ ਸਿੰਘ ਚਾਨਾ ਆਦਿ ਹਾਜ਼ਰ ਸਨ। ਸਮਾਗਮ ਵਿੱਚ ਪ੍ਰਸਿੱਧ ਚਿੰਤਕ ਡਾ: ਸਵਰਾਜ ਸਿੰਘ ਅਤੇ ਅੰਤਰਰਾਸ਼ਟਰੀ ਪੱਤਰਕਾਰ ਨਰਪਾਲ ਸਿੰਘ ਸ਼ੇਰਗਿੱਲ ਨੂੰ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ ਗਿਆ। ਸਟੇਜ ਦੀ ਕਾਰਵਾਈ ਰਵਿੰਦਰ ਚੋਟ ਨੇ ਬਾਖ਼ੂਬੀ ਨਿਭਾਈ।








ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।
ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175


ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664










# "ਨਾਨਕ ਦੁਖੀਆ, ਸਭ ਸੰਸਾਰ" (ਸੱਚੀਆਂ ਗੱਲਾਂ)

-ਮਨਜੀਤ ਸਿੰਘ ਢੱਲਾ-


ਤੁਕ ਦਾ ਅਰਥ : 'ਨਾਨਕ ਦੁਖੀਆ ਸਭ ਸੰਸਾਰ' ਤੁਕ ਸ੍ਰੀ ਗੁਰੂ ਨਾਨਕ ਦੇਵ ਜੀ ਦੁਆਰਾ ਉਚਾਰਨ ਕੀਤੀ ਹੋਈ ਹੈ। ਇਸ ਵਿੱਚ ਸਾਡੇ ਜੀਵਨ ਦੀ ਕੌੜੀ ਸਚਾਈ ਨੂੰ ਪੇਸ਼ ਕੀਤਾ ਗਿਆ ਹੈ। ਇਸ ਤੁਕ ਦਾ ਭਾਵ ਸਾਰਾ ਸੰਸਾਰ ਦੁੱਖਾਂ ਦਾ ਘਰ ਹੈ। ਇਸ ਜਗਤ ਦੇ ਸਾਰੇ ਪ੍ਰਾਣੀ ਤਰ੍ਹਾਂ ਤਰ੍ਹਾਂ ਦੇ ਦੁੱਖਾਂ ਵਿੱਚ ਘਿਰੇ ਹੋਏ ਹਨ ਤੇ ਕੋਈ ਵੀ ਸੁਖੀ ਨਹੀਂ ਹੈ।

### ਫ਼ਰੀਦ ਜੀ ਦਾ ਵੀ ਕਥਨ ਹੈ :

ਫਰੀਦਾ ਮੈਂ ਜਾਨਿਆ ਦੁਖ ਮੁਝ ਕੂ ਦੁਖ ਸਬਾਇਐ ਜਗੁ।।
ਉਚੇ ਚੜ੍ਹ ਕੇ ਦੇਖਿਆ ਘਰਿ ਘਰਿ ਏਹਾ ਆਗੂ।

ਸੰਸਾਰ ਵਿੱਚ ਸਾਰੇ ਦੁਖੀ ਹਨ : ਸਾਰਾ ਸੰਸਾਰ ਹੀ ਦੁੱਖਾਂ ਦੀ ਖਾਣ ਹੈ। ਅਮੀਰ ਲੋਕਾਂ ਕੋਲ ਜ਼ਿੰਦਗੀ ਵਿੱਚ ਸਾਰੇ ਸੁੱਖ ਅਰਾਮ ਤੇ ਐਸ਼ੋ ਇਸ਼ਰਤ ਦੇ ਸਾਰੇ ਸਾਧਨ ਹੁੰਦੇ ਹਨ। ਸਾਨੂੰ ਜਾਪਦਾ ਹੈ ਜਿਵੇਂ ਇਹਨਾਂ ਨੂੰ ਤਾਂ ਕੋਈ ਦੁੱਖ ਨਹੀਂ ਪਰ ਅਜਿਹੀ ਸੋਚ ਗ਼ਲਤ ਸਾਬਤ ਹੁੰਦੀ ਹੈ ਕਿਉਂਕਿ ਪੈਸੇ ਨਾਲ ਭਾਵੇਂ ਦੁਨਿਆਵੀ ਪਦਾਰਥ ਖਰੀਦੇ ਜਾ ਸਕਦੇ ਹਨ ਪਰ ਮਨ ਦੀ ਸ਼ਾਂਤੀ ਨਹੀਂ ਖ਼ਰੀਦੀ ਜਾ ਸਕਦੀ। ਧਨਵਾਦ ਵਿਅਕਤੀ ਦਾ ਦੁੱਖ ਵੱਖਰੀ ਕਿਸਮ ਦਾ ਹੁੰਦਾ ਹੈ; ਜਿਵੇਂ ਵਪਾਰਕ ਉਲਝਣਾਂ, ਆਮਦਨ ਟੈਕਸ, ਕਾਲਾ ਧਨ, ਪੈਸੇ ਦੀ ਸੰਭਾਲ ਦੀ ਚਿੰਤਾ ਅਤੇ ਸਭ ਤੋਂ ਵੱਧ ਮਾਨਸਕ ਚਿੰਤਾਵਾਂ ਕਰਨ ਨਾਲ਼ ਸਰੀਰਕ ਰੋਗੀ ਹੋਣਾ ਤੇ ਅਜਿਹੇ ਰੋਗ ਜਿਵੇਂ ਬਲੱਡ ਪ੍ਰੈੱਸ਼ਰ, ਸ਼ੂਗਰ, ਦਿਲ ਦੇ ਰੋਗ, ਜੋੜਾਂ ਦੀਆਂ ਦਰਦਾਂ ਆਦਿ ਆ ਚੰਬੜਦੇ ਹਨ।

ਇਸੇ ਤਰ੍ਹਾਂ ਦੂਜੇ ਪਾਸੇ ਗ਼ਰੀਬ ਵਿਅਕਤੀ ਆਰਥਿਕ ਤੰਗੀਆਂ ਕਾਰਨ ਪਰੇਸ਼ਾਨ ਹੈ ਤੇ ਦੁਖੀ ਹੈ। ਉਸ ਨੂੰ ਚਿੰਤਾ ਹੈ ਕਿ ਘਰ ਦੀਆਂ ਲੋੜਾਂ ਦੀ ਪੂਰਤੀ ਕਿਵੇਂ ਕੀਤੀ ਜਾਵੇ? ਆਮਦਨ ਘੱਟ ਤੇ ਖਰਚੇ ਵਧੇਰੇ ਹੋਣ ਕਾਰਨ ਵਿਅਕਤੀ ਮਾਨਸਕ ਤੌਰ ਤੇ ਬੇਚੈਨ ਰਹਿੰਦਾ ਹੈ। ਕਈ ਦੁੱਖ ਅਜਿਹੇ ਹੁੰਦੇ ਹਨ ਜਿਹੜੇ ਅਮੀਰਾਂ ਗਰੀਬਾਂ ਦੇ ਸਾਂਝੇ ਹੁੰਦੇ ਹਨ; ਜਿਵੇਂ ਭਿਆਨਕ



ਬਿਮਾਰੀਆਂ, ਦੁਰਘਟਨਾਵਾਂ ਦਾ ਵਾਪਰਨਾ, ਸਕੇ ਸੰਬੰਧੀ ਦੀ ਬੇਵਕਤ ਮੌਤ, ਬੇਔਲਾਦ ਹੋਣਾ ਜਾਂ ਔਲਾਦ ਦਾ ਨੇਕ ਨਾ ਹੋਣਾ ਆਦਿ ਅਜਿਹੇ ਦੁੱਖ ਹਨ ਜਿਹੜੇ ਸਾਰਿਆਂ 'ਤੇ ਪੈ ਸਕਦੇ ਹਨ।

ਦੁੱਖਾਂ ਦਾ ਮੂਲ ਕਾਰਨ : ਗੁਰਬਾਣੀ ਵਿੱਚ ਦੁੱਖਾਂ ਦਾ ਮੂਲ ਕਾਰਨ ਦੱਸਿਆ ਹੈ ਕਿ ਹਉਮੈ, ਹੰਕਾਰ, ਈਰਖਾ ਸਾਰੇ ਦੁੱਖਾਂ ਦੀ ਜੜ੍ਹ ਹੈ। ਮਨੁੱਖ ਦੀ ਹਉਮੈ, ਹੰਕਾਰ ਅਤੇ ਉਸ ਦੀਆਂ ਬੇਅੰਤ ਇੱਛਾਵਾਂ ਹੀ ਉਸ ਦੇ ਦੁੱਖ ਦਾ ਕਾਰਨ ਬਣਦੀਆਂ ਹਨ। ਜਦੋਂ ਇਹਨਾਂ ਇੱਛਾਵਾਂ ਦੀ ਪੂਰਤੀ ਨਹੀਂ ਹੁੰਦੀ, ਉਹ ਦੁਖੀ ਹੁੰਦਾ ਹੈ ਤੇ ਜੇਕਰ ਇਹਨਾਂ ਇੱਛਾਵਾਂ ਦੀ ਪੂਰਤੀ ਹੋ ਜਾਂਦੀ ਹੈ ਤਾਂ ਉਸ ਵਿੱਚ ਹਉਮੈ ਆ ਜਾਂਦੀ ਹੈ, ਉਹ ਹੰਕਾਰੀ ਹੋ ਕੇ ਪਰਮ ਪਿਤਾ ਪਰਮਾਤਮਾ ਨੂੰ ਵੀ ਭੁੱਲ ਜਾਂਦਾ ਹੈ ਤੇ ਦੁੱਖ ਝੱਲਦਾ ਹੈ। ਗੁਰਬਾਣੀ ਵਿੱਚ ਲਿਖਿਆ ਹੈ :

ਹਉਮੈ ਵਿੱਚ ਜਗ ਉਪਜੇ ਪੁਰਖਾ
ਨਾਮ ਬਿਸਰਿਐ ਦੁੱਖ ਪਾਈ।।

ਦੁੱਖ ਦਾਰੂ ਹੈ : ਗੁਰਬਾਣੀ ਵਿੱਚ ਲਿਖਿਆ ਹੈ : ਦੁਖ ਦਾਰੂ ਸੁੱਖ ਰੋਗ ਭਇਆ।। ਭਾਵ ਦੁੱਖ ਸਰੀਰ ਲਈ ਇੱਕ ਦਾਰੂ ਦਾ ਕੰਮ ਕਰਦੇ ਹਨ ਕਿਉਂਕਿ ਦੁੱਖਾਂ ਵਿੱਚ ਘਿਰਿਆ ਵਿਅਕਤੀ ਸੁੱਖਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰਦਾ ਹੈ ਤੇ ਉਸਾਰੂ ਕੰਮਾਂ ਵੱਲ ਧਿਆਨ ਰੱਖਦਾ ਹੈ। ਜਿਹੜੇ ਵਿਅਕਤੀ ਹਰ ਵੇਲੇ ਸੁੱਖ ਭੋਗਣ ਦੇ ਆਦੀ ਹੋ ਚੁੱਕੇ ਹੁੰਦੇ ਹਨ, ਉਹ ਸਹੀ ਅਰਥਾਂ ਵਿੱਚ ਬੇਕਾਰ ਹੋ ਜਾਂਦੇ ਹਨ, ਉਹਨਾਂ ਦਾ ਵਿਅਕਤੀਗਤ ਵਿਕਾਸ ਰੁਕ ਜਾਂਦਾ ਹੈ।

ਦੁੱਖ ਸੁੱਖ ਜੀਵਨ ਦਾ ਹਿੱਸਾ ਹਨ : ਇਹ ਸੁੱਖ ਦੁੱਖ ਤਾਂ ਜ਼ਿੰਦਗੀ ਦਾ ਹਿੱਸਾ ਹਨ। ਇਸ ਲਈ ਮਨੁੱਖ ਨੂੰ ਦੁੱਖਾਂ ਤੋਂ ਘਬਰਾਉਣਾ ਨਹੀਂ ਚਾਹੀਦਾ ਬਲਕਿ ਇਹਨਾਂ ਨਾਲ਼ ਜੂਝਣ ਲਈ ਮਹਾਂਪੁਰਖਾਂ ਦੇ ਆਦਰਸ਼ਾਂ ਨੂੰ ਯਾਦ ਕਰਨਾ ਚਾਹੀਦਾ ਹੈ। ਦੁੱਖ ਤਾਂ ਸੰਤਾਂ ਮਹਾਂਪੁਰਖਾਂ, ਪੀਰਾਂ ਪੈਗੰਬਰਾਂ 'ਤੇ ਵੀ ਆਏ ਹਨ। ਸ੍ਰੀ ਰਾਮ ਚੰਦਰ ਜੀ ਨੇ ਬਣਵਾਸ ਕੱਟਿਆ, ਪਾਂਡਵਾਂ ਨੇ ਭਰਾਵਾਂ ਦੀ ਦੁਸ਼ਮਣੀ ਸਹਾਰੀ, ਸ਼ਾਹਜਹਾਂ ਨੂੰ ਪੁੱਤਰਾਂ ਦੀ ਕੈਦ ਵਿੱਚ ਰਹਿਣਾ ਪਿਆ। ਗੁਰੂ ਗੋਬਿੰਦ ਸਿੰਘ ਜੀ ਨੇ ਸਰਬੰਸ ਵਾਰਿਆ, ਗੁਰੂ ਅਰਜਨ ਦੇਵ ਜੀ ਤੱਤੀਆਂ ਲੋਹਾਂ 'ਤੇ ਬੈਠੇ, ਦਾਰਾ ਸ਼ਿਕੋਹ ਦੇ ਦੁਖਾਂਤ ਨੂੰ ਕੌਣ ਨਹੀਂ ਜਾਣਦਾ ਪਰ ਅਜਿਹੀਆਂ ਸਰਬ ਉੱਚ ਹਸਤੀਆਂ ਨੇ ਦੁੱਖ ਵਿੱਚ ਵੀ ਪ੍ਰਭੂ ਪਰਮਾਤਮਾ ਦੇ ਸਿਮਰਨ ਦਾ ਲੜ ਨਹੀਂ ਛੱਡਿਆ ਤੇ ਘੋਰ ਦੁੱਖਾਂ ਨੂੰ ਵੀ ਹੱਸ ਕੇ ਸਹਾਰਿਆ।

ਪ੍ਰਭੂ ਸਿਮਰਨ ਹੀ ਦੁੱਖਾਂ ਦਾ ਦਾਰੂ ਹੈ : ਸੁੱਖ ਵੇਲੇ ਸਾਰੇ ਅੰਗ ਸਾਕ ਆਪਣੇ ਬਣਦੇ ਜਾਂਦੇ ਹਨ ਪਰ ਜਿਉਂ ਹੀ ਦੁੱਖ ਆਣ ਘੇਰਾ ਪਾਉਂਦੇ ਹਨ, ਸਕੇ ਸੰਬੰਧੀ ਵੀ ਅੱਖਾਂ ਫੇਰਨੀਆਂ ਸ਼ੁਰੂ ਕਰ ਦਿੰਦੇ ਹਨ। ਦੁੱਖ ਵਿੱਚ ਜੇ ਕੋਈ ਆਸਰਾ ਹੁੰਦਾ ਹੈ ਤਾਂ ਉਹ ਕੇਵਲ 'ਪਰਮਾਤਮਾ ਦੇ ਨਾਮ' ਦਾ ਹੀ ਹੁੰਦਾ ਹੈ। ਰੱਬ ਦੀ ਰਜ਼ਾ ਵਿੱਚ ਰਹਿਣਾ, ਉਸ ਦੇ ਭਾਣੇ ਨੂੰ ਮਿੱਠਾ ਕਰਕੇ ਮੰਨਣਾ, ਦੁੱਖਾਂ ਤੋਂ ਮੁਕਤੀ ਪਾਉਣ ਦਾ ਅਹਿਮ ਸਾਧਨ ਹੈ। ਸੁੱਖ ਦੀ ਪ੍ਰਾਪਤੀ ਬਾਰੇ ਗੁਰੂ ਜੀ ਨੇ ਫ਼ਰਮਾਇਆ ਹੈ :

ਨਾਨਕ ਦੁਖੀਆ ਸਭ ਸੰਸਾਰ ।।

ਸਾਰੰਸ਼ : ਅੰਤ ਵਿੱਚ ਅਸੀਂ ਕਹਿੰਦੇ ਹਾਂ ਕਿ ਦੁੱਖ ਅਤੇ ਸੁੱਖ ਮਨੁੱਖੀ ਜੀਵਨ ਦੇ ਦੋ ਪਹਿਲੂ ਹਨ। ਦੁੱਖਾਂ ਦਾ ਮੁਕਾਬਲਾ ਕਰਨਾ ਚਾਹੀਦਾ ਹੈ, ਮਹਾਂਪੁਰਖਾਂ ਦੇ ਜੀਵਨ ਤੋਂ ਹਿੰਮਤ ਤੇ ਪ੍ਰੇਰਨਾ ਲੈਣੀ ਚਾਹੀਦੀ ਹੈ ਕਿ ਕਿਵੇਂ ਉਹਨਾਂ ਨੇ ਮੁਸ਼ਕਲਾਂ ਵਿੱਚ ਵੀ ਪ੍ਰਭੂ ਦਾ ਨਾਮ ਸਿਮਰ ਕੇ ਦੁੱਖ ਝੱਲੇ। ਇਹ ਵੀ ਗੱਲ ਠੀਕ ਹੈ ਕਿ ਸੁੱਖਾਂ ਦਾ ਆਨੰਦ ਵੀ ਦੁੱਖਾਂ ਨੂੰ ਸਹਾਰਨ ਤੋਂ ਬਾਅਦ ਹੀ ਮਾਣਿਆ ਜਾ ਸਕਦਾ ਹੈ। ਸੋ ਦੁਨਿਆਵੀ ਮੋਹ ਮਾਇਆ ਦਾ ਤਿਆਗ ਕਰੋ ਤੇ ਸਰਬ ਸ਼ਕਤੀਮਾਨ ਪਰਮ ਪਿਤਾ ਪਰਮੇਸ਼ਰ ਨੂੰ ਹਮੇਸ਼ਾ ਯਾਦ ਰੱਖੋ।

ਵਾਹਿਗੁਰੂ ਜੀ।।

# ਕਿਤਾਬਾਂ ਨਾਲ ਪਾਓ ਪਿਆਰ, ਜ਼ਿੰਦਗੀ 'ਚ ਆਵੇਗੀ ਬਹਾਰ

-ਵਿਜੈ ਗਰਗ-

20ਵੀਂ ਸਦੀ ਦੀ ਮਹਾਨ ਅੰਗਰੇਜ਼ੀ ਲੇਖਿਕਾ ਵਰਜੀਨੀਆ ਵੁਲਫ ਦਾ ਕਥਨ 'ਕਿਤਾਬਾਂ ਆਤਮਾ ਦਾ ਦਰਪਣ ਹੁੰਦੀਆਂ ਹਨ' ਹਰ ਯੁੱਗ ਦੇ ਸਮੇਂ ਲਈ ਢੁੱਕਵਾਂ ਹੈ। ਕਿਤਾਬਾਂ ਦਾ ਮੁੱਲ ਰਤਨਾਂ ਤੋਂ ਵੀ ਜ਼ਿਆਦਾ ਹੈ ਕਿਉਂਕਿ ਰਤਨ ਤਾਂ ਬਾਹਰੀ ਸੁ

20ਵੀਂ ਸਦੀ ਦੀ ਮਹਾਨ ਅੰਗਰੇਜ਼ੀ ਲੇਖਿਕਾ ਵਰਜੀਨੀਆ ਵੁਲਫ ਦਾ ਕਥਨ 'ਕਿਤਾਬਾਂ ਆਤਮਾ ਦਾ ਦਰਪਣ ਹੁੰਦੀਆਂ ਹਨ' ਹਰ ਯੁੱਗ ਦੇ ਸਮੇਂ ਲਈ ਢੁੱਕਵਾਂ ਹੈ। ਕਿਤਾਬਾਂ ਦਾ ਮੁੱਲ ਰਤਨਾਂ ਤੋਂ ਵੀ ਜ਼ਿਆਦਾ ਹੈ ਕਿਉਂਕਿ ਰਤਨ ਤਾਂ ਬਾਹਰੀ ਸੁੰਦਰਤਾ ਤੇ ਖ਼ੂਬਸੂਰਤੀ ਦਿਖਾਉਂਦੇ ਹਨ ਪਰ ਕਿਤਾਬਾਂ ਮਨੁੱਖ ਦੇ ਅੰਦਰੂਨੀ ਜਗਤ ਨੂੰ ਰੋਸ਼ਨ ਕਰਦੀਆਂ ਹਨ। ਅਜੋਕੇ ਸਮੇਂ 'ਚ ਜਿੱਥੇ ਕੰਪਿਊਟਰ, ਲੈਪਟਾਪ, ਇੰਟਰਨੈੱਟ ਆਦਿ ਨੇ ਬੱਚਿਆਂ ਨੂੰ ਅਣਗਿਣਤ ਸਹੂਲਤਾਂ ਪ੍ਰਦਾਨ ਕੀਤੀਆਂ ਹਨ, ਉੱਥੇ ਕਿਤਾਬਾਂ ਉਹ ਗਹਿਣਾ ਹਨ, ਜੋ ਹਨੇਰੇ 'ਚ ਵੀ ਗਿਆਨ ਦਾ ਪ੍ਰਕਾਸ਼ ਫੈਲਾਉਂਦੀਆਂ ਹਨ। ਇਹ ਸਭ ਤੋਂ ਵਧੇਰੇ ਸ਼ਾਂਤ ਤੇ ਦੋਸਤਾਂ ਵਿੱਚੋਂ ਸਭ ਤੋਂ ਵੱਧ ਬੁੱਧੀਮਾਨ ਹੁੰਦੀਆਂ ਹਨ। ਇਨ੍ਹਾਂ ਤੋਂ ਵਧੀਆ ਤੇ ਇਮਾਨਦਾਰ ਦੋਸਤ ਕੋਈ ਹੋ ਨਹੀਂ ਸਕਦਾ। ਇਕ ਵਾਰ ਗੰਗਾਧਰ ਤਿਲਕ ਨੇ ਕਿਹਾ, 'ਮੈਂ ਨਰਕ 'ਚ ਵੀ ਚੰਗੀਆਂ ਕਿਤਾਬਾਂ ਦਾ ਸੁਆਗਤ ਕਰਾਂਗਾ ਕਿਉਂਕਿ ਇਨ੍ਹਾਂ 'ਚ ਉਹ ਤਾਕਤ ਹੈ, ਇਹ ਜਿੱਥੇ ਵੀ ਹੋਣਗੀਆਂ, ਉੱਥੇ ਹੀ ਸਵਰਗ ਬਣ ਜਾਵੇਗਾ।'

## ਵਿਦਿਆਰਥੀ ਜੀਵਨ 'ਚ ਭੂਮਿਕਾ

ਵਿਦਿਆਰਥੀ ਜੀਵਨ ਵਿਚ ਕਿਤਾਬਾਂ ਦੀ ਭੂਮਿਕਾ ਤੋਂ ਕੋਈ ਵੀ ਅਨਜਾਣ ਨਹੀਂ ਹੈ। ਜਦੋਂ ਬੱਚਾ ਛੋਟਾ ਹੁੰਦਾ ਹੈ, ਉਸ ਨੂੰ ਰੰਗ-ਬਰੰਗੀਆਂ ਕਿਤਾਬਾਂ ਹੀ ਆਪਣੇ ਵੱਲ ਆਕਰਸ਼ਿਤ ਕਰਦੀਆਂ ਹਨ। ਜਦੋਂ ਉਹ ਕਿਤਾਬ ਖੋਲ੍ਹਦਾ ਹੈ ਤਾਂ ਨਵੀਂ ਦੁਨੀਆ 'ਚ ਕਦਮ ਰੱਖਦਾ ਹੈ। ਅਜਿਹੀ ਦੁਨੀਆ ਜਿਸ ਵਿਚ ਗਿਆਨ ਦਾ ਭੰਡਾਰ ਤਾਂ ਹੈ ਹੀ, ਇਸ ਦੇ ਨਾਲ ਮਨੋਰੰਜਨ, ਜ਼ਿੰਦਗੀ ਦੇ ਸਬਕ ਯਾਨੀ ਮਨੁੱਖੀ ਜੀਵਨ ਜਾਚ ਅਤੇ ਸਦੀਆਂ ਦਾ ਗਿਆਨ ਲੁਕਿਆ ਹੋਇਆ ਹੈ। ਇਕ ਬੱਚੇ ਲਈ ਕਿਤਾਬਾਂ ਦੀ ਮਹੱਤਤਾ ਸਭ ਤੋਂ ਵਧੇਰੇ ਹੁੰਦੀ ਹੈ। ਵਿੱਦਿਆ ਪ੍ਰਾਪਤੀ ਦੇ ਹਰ ਪੜਾਅ 'ਤੇ ਵੱਖ-ਵੱਖ ਤਰ੍ਹਾਂ ਦੀਆਂ ਕਿਤਾਬਾਂ ਪੜ੍ਹਨਾ ਜ਼ਰੂਰੀ ਹੁੰਦਾ ਹੈ। ਕਿਤਾਬ ਬੱਚੇ ਦੇ ਕੋਰੇ ਮਨ 'ਤੇ ਉਹ ਇਬਾਰਤ ਲਿਖ ਜਾਂਦੀ ਹੈ, ਜੋ ਉਸ ਦੇ ਵਿਅਕਤੀਤਵ ਨੂੰ ਨਵੀਂ ਪਰਿਭਾਸ਼ਾ ਦਿੰਦੀ ਹੈ।



## ਬੌਧਿਕ ਵਿਕਾਸ 'ਚ ਸਹਾਈ

ਕਿਤਾਬਾਂ ਪੜ੍ਹਨ ਨਾਲ ਬੱਚਿਆਂ ਦਾ ਬੌਧਿਕ ਵਿਕਾਸ ਹੁੰਦਾ ਹੈ। ਕਿਤਾਬ ਹੀ ਉਹ ਦੋਸਤ ਹੈ, ਜੋ ਬਚਪਨ ਤੋਂ ਬੱਚਿਆਂ ਦੇ ਮਨ ਦੇ ਹਨੇਰੇ ਨੂੰ ਗਿਆਨ ਨਾਲ ਰੁਸ਼ਨਾਉਂਦੀ ਹੈ। ਇਹ ਵੱਖ-ਵੱਖ ਤੱਥਾਂ, ਖੋਜਾਂ, ਸੱਭਿਆਚਾਰਾਂ ਦੀ ਜਾਣਕਾਰੀ ਨਾਲ ਬੱਚੇ ਦਾ ਬੌਧਿਕ ਵਿਕਾਸ ਕਰਦੀਆਂ ਹਨ। ਉਨ੍ਹਾਂ 'ਚ ਨਵੀਆਂ ਖੋਜਾਂ ਕਰਨ ਤੇ ਤੁਲਨਾਤਮਿਕ ਅਧਿਐਨ ਕਰਨ ਦੀ ਸਮਰੱਥਾ ਵਿਕਸਤ ਕਰਦੀਆਂ ਹਨ।

## ਯਾਦਸ਼ਕਤੀ ਦਾ ਵਿਕਾਸ

ਕਿਤਾਬਾਂ ਪੜ੍ਹਨ ਨਾਲ ਬੱਚਿਆਂ ਦੀ ਯਾਦ ਕਰਨ ਦੀ ਸਮਰਥਾ ਵੀ ਵੱਧਦੀ ਹੈ। ਜਦੋਂ ਬੱਚੇ ਕਿਤਾਬ ਪੜ੍ਹਦੇ ਹਨ ਤਾਂ ਉਹ ਕਿਤਾਬ 'ਚ ਦਿੱਤੀ ਗਈ ਕਹਾਣੀ ਦੀ ਤਸਵੀਰ ਬਣਾ ਲੈਂਦੇ ਹਨ ਤੇ ਇਸ ਤਰ੍ਹਾਂ ਲੰਮੇ ਸਮੇਂ ਤੱਕ ਪੜ੍ਹਿਆ ਯਾਦ ਰਹਿੰਦਾ ਹੈ। ਹਰ ਰੋਜ਼ ਪੜ੍ਹਨ ਨਾਲ ਇਕਾਗਰਤਾ ਵੀ ਵੱਧਦੀ ਹੈ। ਸਰੀਰਕ ਕਸਰਤ ਦੀ ਤਰ੍ਹਾਂ ਹੀ ਪੜ੍ਹਨਾ ਦਿਮਾਗ਼ੀ ਕਸਰਤ ਦਾ ਰੂਪ ਹੈ, ਜੋ ਬੱਚੇ ਦੀ ਯਾਦਸ਼ਕਤੀ ਵਧਾਉਂਦਾ ਹੈ।

## ਸ਼ਬਦਾਵਲੀ ਦਾ ਵਿਸਥਾਰ

ਸ਼ਬਦਾਵਲੀ ਦਾ ਵਿਸਥਾਰ ਕਿਤਾਬ ਪੜ੍ਹਨ ਤੋਂ ਹੀ ਹੁੰਦਾ ਹੈ। ਜਦੋਂ ਬੱਚਾ ਵੱਖ-ਵੱਖ ਵਿਸ਼ਿਆਂ ਦੀਆਂ ਕਿਤਾਬਾਂ ਪੜ੍ਹਦਾ ਹੈ ਤਾਂ ਬਹੁਤ ਸਾਰੇ ਅਜਿਹੇ ਸ਼ਬਦ ਵੇਖਦਾ ਹੈ, ਜੋ ਉਸ ਲਈ ਨਵੇਂ ਹੁੰਦੇ ਹਨ ਤੇ ਉਨ੍ਹਾਂ ਦੇ ਅਰਥ ਤੋਂ ਅਨਜਾਣ ਹੁੰਦਾ ਹੈ। ਉਸ ਵੇਲੇ ਇਨ੍ਹਾਂ ਸ਼ਬਦਾਂ ਨੂੰ ਸ਼ਬਦ ਕੋਸ਼ 'ਚੋਂ ਲੱਭਣਾ ਦਿਲਚਸਪ ਕਿਰਿਆ ਹੁੰਦੀ ਹੈ, ਜਿਸ ਨਾਲ ਦਿਮਾਗ਼ ਉਸ ਨਵੇਂ ਸ਼ਬਦ 'ਤੇ ਕੇਂਦਰਿਤ ਹੁੰਦਾ ਹੈ ਤੇ ਰੋਜ਼ ਕਿਤਾਬਾਂ ਪੜ੍ਹਨ ਨਾਲ ਬੱਚੇ ਦੀ ਸ਼ਬਦਾਵਲੀ ਦਾ ਵਿਸਥਾਰ ਹੁੰਦਾ ਰਹਿੰਦਾ ਹੈ।

## ਤਣਾਅ ਤੋਂ ਮੁਕਤੀ

ਕਿਤਾਬਾਂ ਸਿਰਫ਼ ਗਿਆਨ ਹਾਸਿਲ ਕਰਨ ਦਾ ਜ਼ਰੀਆ ਹੀ ਨਹੀਂ ਸਗੋਂ ਮਨੋਰੰਜਨ ਦਾ ਸਾਧਨ ਵੀ ਹਨ। ਕਿਤਾਬਾਂ ਬੱਚਿਆਂ ਦਾ ਤਣਾਅ ਘਟਾਉਂਦੀਆਂ ਹਨ। ਰੋਚਕ ਕਹਾਣੀਆਂ ਵਾਲੀਆਂ ਕਿਤਾਬਾਂ ਬੱਚਿਆਂ ਨੂੰ ਨਵੀਂ ਦੁਨੀਆ ਦੀ ਸੈਰ ਕਰਾਉਂਦੀਆਂ ਹਨ। ਜਿੱਥੇ ਉਹ ਕਾਲਪਨਿਕ ਸੰਸਾਰ ਦਾ ਹਿੱਸਾ ਬਣ ਜਾਂਦੇ ਹਨ ਤੇ ਰੋਜ਼ਾਨਾ ਜ਼ਿੰਦਗੀ ਦੇ ਤਣਾਅ ਨੂੰ ਭੁੱਲ ਜਾਂਦੇ ਹਨ।

ਕਲਪਨਾ ਸ਼ਕਤੀ ਦਾ ਵਿਕਾਸ

ਕਿਤਾਬਾਂ ਬੱਚਿਆਂ ਨੂੰ ਸਿਰਫ਼ ਕਹਾਣੀਆਂ ਜਾਂ ਹੋਰ ਤੱਥਾਂ ਬਾਰੇ ਹੀ ਨਹੀਂ ਜਾਣੂ ਕਰਵਾਉਂਦੀਆਂ, ਇਸ ਨਾਲ ਉਨ੍ਹਾਂ ਦੀ ਕਲਪਨਾ ਸ਼ਕਤੀ ਵੀ ਵਧਦੀ ਹੈ। ਉਨ੍ਹਾਂ ਦੀ ਕਾਲਪਨਿਕ ਉਡਾਣ ਹੀ ਉਨ੍ਹਾਂ ਨੂੰ ਭਵਿੱਖ ਦੇ ਲਿਖਾਰੀ, ਵਿਗਿਆਨਕ ਆਦਿ ਬਣਾਉਂਦੀ ਹੈ। ਬੱਚਿਆਂ ਦੀ ਕਲਪਨਾ ਹੀ ਉਨ੍ਹਾਂ ਨੂੰ ਪ੍ਰਸਿੱਧ ਹਸਤੀਆਂ ਵਾਂਗ ਖ਼ੁਦ ਨੂੰ ਕਿਸੇ ਉਦੇਸ਼ ਪ੍ਰਤੀ ਸਮਰਪਿਤ ਹੋਣ ਲਈ ਪ੍ਰੇਰਿਤ ਕਰਦੀ ਹੈ।

## ਅਧਿਆਪਕ ਤੇ ਮਾਪੇ ਹੁੰਦੇ ਮਾਰਗ ਦਰਸ਼ਕ

ਬੱਚਿਆਂ ਲਈ ਕਿਤਾਬਾਂ ਦੀ ਮਹੱਤਤਾ ਤਾਂ ਅਸੀਂ ਜਾਣ ਲਈ ਪਰ ਇੱਥੇ ਇਹ ਵੀ ਜਾਣਨਾ ਜ਼ਰੂਰੀ ਹੈ ਕਿ ਮਾਂ-ਬਾਪ ਤੇ ਅਧਿਆਪਕ ਉਹ ਮਾਰਗ ਦਰਸ਼ਕ ਹੁੰਦੇ ਹਨ, ਜੋ ਬੱਚਿਆਂ ਨੂੰ ਸਹੀ ਕਿਤਾਬਾਂ ਦੀ ਚੋਣ 'ਚ ਮਦਦ ਕਰ ਸਕਦੇ ਹਨ। ਜਿਵੇਂ ਅਸੀਂ ਜਾਣਦੇ ਹੀ ਹਾਂ ਕਿ ਸਮਾਜ ਵਿਚ ਵੱਖ-ਵੱਖ ਤਰ੍ਹਾਂ ਦੀਆਂ ਕਿਤਾਬਾਂ ਮਿਲਦੀਆਂ ਹਨ। ਇਨ੍ਹਾਂ ਵਿੱਚੋਂ ਕੁਝ ਕਿਤਾਬਾਂ ਬੱਚੇ ਨੂੰ ਸਹੀ ਦਿਸ਼ਾ ਵੱਲ ਜਾਣ ਲਈ ਪ੍ਰੇਰਿਤ ਕਰ ਸਕਦੀਆਂ ਹਨ। ਇਸ ਲਈ ਪਰਿਵਾਰ ਦੇ ਵੱਡਿਆਂ ਤੇ ਸਕੂਲ ਵਿਚ ਅਧਿਆਪਕਾਂ ਦੀ ਇਹ ਜ਼ਿੰਮੇਵਾਰੀ ਬਣ ਜਾਂਦੀ ਹੈ ਕਿ ਉਹ ਬੱਚਿਆਂ ਨੂੰ ਵਧੀਆ ਕਿਤਾਬਾਂ ਪੜ੍ਹਨ ਲਈ ਪ੍ਰੇਰਿਤ ਕਰਨ ਤੇ ਉਨ੍ਹਾਂ ਸਾਹਮਣੇ ਖ਼ੁਦ ਉਦਾਹਰਨ ਬਣਨ।

## ਲਿਖਣ ਦੀ ਯੋਗਤਾ 'ਚ ਵਾਧਾ

ਬੱਚੇ ਜਦੋਂ ਕਿਤਾਬ ਪੜ੍ਹਨ 'ਚ ਖ਼ੁਸ਼ੀ ਮਹਿਸੂਸ ਕਰਨ ਲੱਗ ਜਾਂਦੇ ਹਨ ਤਾਂ ਉਨ੍ਹਾਂ ਦੇ ਨਾ ਸਿਰਫ਼ ਪੜ੍ਹਨ ਸਗੋਂ ਲਿਖਣ ਦੇ ਸ਼ੌਕ 'ਚ ਵੀ ਵਾਧਾ ਹੁੰਦਾ ਹੈ। ਕਿਤਾਬਾਂ ਬੱਚਿਆਂ ਨੂੰ ਵੱਖ-ਵੱਖ ਵਿਸ਼ਿਆਂ 'ਤੇ ਲਿਖਣ ਲਈ ਪ੍ਰੇਰਿਤ ਕਰਦੀਆਂ ਹਨ। ਜੇ ਤੁਸੀਂ ਪ੍ਰਸਿੱਧ ਲੇਖਕਾਂ ਦੀ ਜੀਵਨੀ ਪੜ੍ਹੋ ਤਾਂ ਤੁਹਾਨੂੰ ਪਤਾ ਚੱਲਦਾ ਹੈ ਕਿ ਹਰ ਲੇਖਕ ਬਚਪਨ ਤੋਂ ਹੀ ਕਿਤਾਬਾਂ ਪੜ੍ਹਨ ਦਾ ਸ਼ੌਕੀਨ ਰਿਹਾ ਹੈ।

ਮਨਮੋਹਕ ਦੁਨੀਆ ਦਾ ਬਣਾਈਏ ਹਿੱਸਾ

ਕਿਤਾਬਾਂ ਬੱਚਿਆਂ ਦਾ ਸਿਰਫ਼ ਬੌਧਿਕ, ਮਾਨਸਿਕ ਤੇ ਅਧਿਆਤਮਿਕ ਵਿਕਾਸ ਹੀ ਨਹੀਂ ਕਰਦੀਆਂ ਸਗੋਂ ਉਨ੍ਹਾਂ ਦਾ ਚਰਿੱਤਰ ਨਿਰਮਾਣ ਕਰਨ ਵਿਚ ਵੀ ਸਹਾਈ ਹੁੰਦੀਆਂ ਹਨ। ਚੰਗੇ ਵਿਚਾਰ, ਪ੍ਰੇਰਨਾਦਾਇਕ ਕਹਾਣੀਆਂ, ਦੇਸ਼-ਵਿਦੇਸ਼ ਦੀ ਜਾਣਕਾਰੀ ਨਾਲ ਭਰਪੂਰ ਕਿਤਾਬਾਂ ਕਿਸੇ ਵੀ ਦੇਸ਼ ਦੇ ਬੱਚਿਆਂ ਦੇ ਸੁਨਹਿਰੀ ਭਵਿੱਖ 'ਚ ਸਹਾਇਕ ਹੁੰਦੀਆਂ ਹਨ। ਆਓ ਬੱਚਿਆਂ ਨੂੰ ਇਸ ਸੋਸ਼ਲ ਮੀਡੀਆ ਵਾਲੇ ਯੁੱਗ 'ਚ ਵ੍ਹਟਸਐਪ, ਫੇਸਬੁੱਕ, ਇੰਸਟਾਗ੍ਰਾਮ ਆਦਿ ਤੋਂ ਦੂਰ ਰੱਖ ਕਿਤਾਬਾਂ ਦੀ ਮਨਮੋਹਕ ਦੁਨੀਆ ਦਾ ਹਿੱਸਾ ਬਣਾਈਏ।

CAPITAL SERVICES
INSURANCE · VEHICLE REG. · IMMIGRATION · NOTARY PUBLIC · LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਆਉ ਜਾਣੀਏ ਡਾਕਘਰਾਂ ਬਾਰੇ

-ਰੰਧਾਵਾ ਸਿੰਘ-

ਅੱਜ ਅਸੀਂ ਸਾਰੇ ਟੈਕਨੋਲੌਜੀ ਦੇ ਯੁੱਗ ਵਿੱਚ ਜੀਅ ਰਹੇ ਹਾਂ, ਜਿੱਥੇ ਅਸੀਂ ਮੋਬਾਈਲ ਅਤੇ ਈ-ਮੇਲ ਆਦਿ ਦੇ ਮਾਧਿਅਮ ਰਾਹੀਂ ਆਪਣੇ ਰਿਸ਼ਤੇਦਾਰਾਂ ਅਤੇ ਦੋਸਤਾਂ-ਮਿੱਤਰਾਂ ਦਾ ਹਾਲ-ਚਾਲ ਜਾਣ ਲੈਂਦੇ ਹਾਂ। ਪਰ ਇੱਕ ਸਮਾਂ ਸੀ ਜਦੋਂ ਇਸ ਤਰ੍ਹਾਂ ਸੋਚਣਾ ਵੀ ਅਸੰਭਵ ਸੀ। ਉਸ ਸਮੇਂ ਲੋਕ ਜਾਂ ਤਾਂ ਇੱਕ ਦੂਜੇ ਦੇ ਘਰ ਜਾਂਦੇ ਸਨ ਤੇ ਜਾਂ ਉਨ੍ਹਾਂ ਦਾ ਹਾਲ ਜਾਣਨ ਲਈ ਚਿੱਠੀਆਂ ਭੇਜਦੇ ਸਨ। ਚਿੱਠੀਆਂ ਦੇ ਦੌਰ ਨੂੰ ਚੇਤੇ ਕਰਦਿਆਂ ਡਾਕਘਰਾਂ ਦੀ ਗੱਲ ਕਰਨੀ ਲਾਜ਼ਮੀ ਜਿਹੀ ਹੋ ਜਾਂਦੀ ਹੈ।ਜੇਕਰ ਗੱਲ ਕਰੀਏ ਸਾਡੇ ਦੇਸ਼ ਦੀ ਤਾਂ ਮਾਣ ਦੀ ਗੱਲ ਹੈ ਕਿ ਸਾਡੇ ਦੇਸ਼ ਵਿੱਚ 1,55,618 ਡਾਕਘਰਾਂ ਅਤੇ 5,66,000 ਤੋਂ ਵੱਧ ਡਾਕ ਕਰਮਚਾਰੀਆਂ ਦੇ ਨਾਲ ਦੁਨੀਆ ਦਾ ਸਭ ਤੋਂ ਵੱਡਾ ਡਾਕ ਨੈੱਟਵਰਕ ਹੈ। ਭਾਰਤ ਦਾ ਸਭ ਤੋਂ ਵੱਡਾ ਡਾਕਘਰ ਮੁੰਬਈ ਵਿੱਚ ਜਨਰਲ ਡਾਕਘਰ ਹੈ। ਦੇਸ਼ ਭਰ ਦੇ ਡਾਕਘਰਾਂ ਨੂੰ ਮੁੱਖ ਡਾਕਘਰ, ਸਬ-ਡਾਕਘਰ ਅਤੇ ਸ਼ਾਖਾ ਡਾਕਘਰਾਂ ਦੇ ਰੂਪ ਵਿੱਚ ਸ਼੍ਰੇਣੀਬੱਧ ਕੀਤਾ ਗਿਆ ਹੈ। ਭਾਰਤ ਵਿੱਚ ਆਧੁਨਿਕ ਡਾਕ ਸੇਵਾ 150 ਸਾਲ ਤੋਂ ਵੱਧ ਪੁਰਾਣੀ ਹੈ।

ਸਾਡੇ ਦੇਸ਼ ਵਿੱਚ ਡਾਕ ਸੇਵਾ ਦੀ ਸਥਾਪਨਾ ਭਾਰਤੀ ਵਾਇਸਰਾਏ ਲਾਰਡ ਡਲਹੌਜ਼ੀ ਨੇ 1 ਅਪ੍ਰੈਲ, 1854 ਨੂੰ ਕੀਤੀ ਸੀ ਪਰ ਸਹੀ ਅਰਥਾਂ 'ਚ ਇਸਦੀ ਸਥਾਪਨਾ 1 ਅਕਤੂਬਰ ਨੂੰ ਹੋਈ ਮੰਨੀ ਜਾਂਦੀ ਹੈ। ਸੰਨ 1854 ਵਿੱਚ ਤਤਕਾਲੀ ਇਸ ਸੇਵਾ ਨੂੰ ਕੇਂਦਰਿਤ ਕੀਤਾ ਗਿਆ, ਉਸ ਸਮੇਂ ਈਸਟ ਇੰਡੀਆ ਕੰਪਨੀ ਅਧੀਨ 701 ਡਾਕਘਰਾਂ ਨੂੰ ਮਿਲਾ ਕੇ ਭਾਰਤੀ ਡਾਕ ਵਿਭਾਗ ਦੀ ਸਥਾਪਨਾ ਕੀਤੀ ਗਈ ਸੀ। ਹਾਲਾਂਕਿ ਇਸ ਤੋਂ ਪਹਿਲਾਂ ਲਾਰਡ ਕਲਾਈਵ ਨੇ ਸੰਨ 1766 ਵਿਚ ਭਾਰਤ ਵਿਚ ਆਪਣੇ ਪੱਧਰ 'ਤੇ ਡਾਕ ਪ੍ਰਣਾਲੀ ਦੀ ਸ਼ੁਰੂਆਤ ਕਰ ਦਿੱਤੀ ਸੀ। ਇਸ ਤੋਂ ਬਾਅਦ ਬੰਗਾਲ ਦੇ ਗਵਰਨਰ ਵਾਰਨ ਹੇਸਟਿੰਗਜ਼ ਨੇ ਸੰਨ 1774 ਵਿੱਚ ਕੋਲਕਾਤਾ ਵਿੱਚ ਮੁੱਖ ਡਾਕਘਰ ਦੀ ਸਥਾਪਨਾ ਕੀਤੀ। ਅੰਗਰੇਜ਼ਾਂ ਨੇ ਇਹ ਸੇਵਾ ਆਪਣੇ ਰਣਨੀਤਕ ਅਤੇ ਵਪਾਰਕ ਹਿੱਤਾਂ ਲਈ ਸ਼ੁਰੂ ਕੀਤੀ ਸੀ। 10 ਜਨਵਰੀ, 1840 ਨੂੰ ਡਾਕ ਟਿਕਟ ਦੀ ਖੋਜ ਕੀਤੀ ਗਈ, ਜੋ ਕਿ ਰਸਮੀ ਤੌਰ 'ਤੇ 6 ਮਈ,1840 ਨੂੰ ਜਾਰੀ ਕੀਤੀ ਗਈ। ਇਸ ਤਰ੍ਹਾਂ ਇਹ ਦੁਨੀਆ ਦੀ ਪਹਿਲੀ ਡਾਕ ਟਿਕਟ ਬਣ ਗਈ।




ਭਾਰਤ ਵਿੱਚ ਪਹਿਲੀ ਵਾਰ ਸੰਨ 1852 ਵਿੱਚ ਚਿੱਠੀਆਂ ਉੱਤੇ ਡਾਕ ਟਿਕਟਾਂ ਲਗਾਉਣ ਦੀ ਸ਼ੁਰੂਆਤ ਹੋਈ। ਇਸ ਉਪਰੰਤ ਬ੍ਰਿਟਿਸ਼ ਸਰਕਾਰ ਨੇ ਸੰਨ 1854 ਵਿੱਚ ਭਾਰਤ ਵਿੱਚ ਰੇਲ ਡਾਕ ਸੇਵਾ ਵੀ ਸ਼ੁਰੂ ਕਰ ਦਿੱਤੀ। ਡਾਕ ਅਤੇ ਟੈਲੀਗ੍ਰਾਮ ਦੇਸ਼ ਵਿੱਚ ਦੋ ਵੱਖ-ਵੱਖ ਵਿਭਾਗਾਂ ਵਜੋਂ ਸ਼ੁਰੂ ਹੋਏ। ਇਤਿਹਾਸ ਦੀ ਗੱਲ ਕਰੀਏ ਤਾਂ ਸੰਨ 1877 ਵਿੱਚ ਭਾਰਤ ਵਿੱਚ ਵੀਪੀਪੀ, ਸੰਨ 1879 ਵਿੱਚ ਪਾਰਸਲ ਪੋਸਟ ਕਾਰਡ, ਸੰਨ 1880 ਵਿੱਚ ਮਨੀ ਆਰਡਰ, ਸੰਨ 1911 ਵਿੱਚ ਪਹਿਲੀ ਏਅਰਮੇਲ ਸੇਵਾ ਇਲਾਹਾਬਾਦ ਤੋਂ, ਸੰਨ 1986 ਵਿੱਚ ਸਪੀਡ ਪੋਸਟ, ਸੰਨ 1914 ਵਿੱਚ ਪਹਿਲੇ ਵਿਸ਼ਵ ਯੁੱਧ ਦੌਰਾਨ ਡਾਕ ਅਤੇ ਟੈਲੀਗ੍ਰਾਮ ਨੂੰ ਮਿਲਾ ਦੇਣਾ ਅਤੇ ਟੈਲੀਫੋਨ ਅਤੇ ਮੋਬਾਈਲ ਸੇਵਾ ਦੇ ਆਉਣ ਨਾਲ ਸੰਨ 2016 ਵਿੱਚ ਟੈਲੀਗ੍ਰਾਮ ਸੇਵਾ ਦਾ ਖਤਮ ਹੋਣਾ ਸ਼ਾਮਲ ਹਨ।

ਇਸ ਤੋਂ ਇਲਾਵਾ ਪੋਸਟਲ ਇੰਡੈਕਸ ਨੰਬਰ (ਪਿੰਨ) ਦਾ ਪੂਰਾ ਰੂਪ ਇੱਕ ਨਿੱਜੀ ਪਛਾਣ ਨੰਬਰ ਹੈ, ਜਿਸਦੇ ਪਿਤਾਮਾ ਸੰਸਕ੍ਰਿਤ ਵਿਦਵਾਨ ਅਤੇ ਕਵੀ ਸ਼੍ਰੀ ਰਾਮ ਭੀਕਾਜੀ ਸਨ। ਪੋਸਟਾਂ ਅਤੇ ਅੱਖਰਾਂ ਨੂੰ ਬਿਹਤਰ ਢੰਗ ਨਾਲ ਵੱਖ ਕਰਨ ਲਈ ਦੇਸ਼ ਵਿੱਚ ਪਿੰਨ ਕੋਡ ਲਾਗੂ ਕਰਨਾ ਉਨ੍ਹਾਂ ਦਾ ਵਿਚਾਰ ਸੀ। ਪਿੰਨ ਇੱਕ ਸੁਰੱਖਿਅਤ ਕੋਡ ਹੈ, ਜੋ ਉਪਭੋਗਤਾਂਵਾਂ ਦੁਆਰਾ ਤਿਆਰ ਕੀਤਾ ਜਾਂਦਾ ਹੈ ਅਤੇ ਪ੍ਰਮਾਣਿਕਤਾ ਲਈ ਵਰਤਿਆ ਜਾਂਦਾ ਹੈ ਜਦੋਂ ਉਪਭੋਗਤਾ ਇੱਕ ਸਿਸਟਮ ਤੱਕ ਪਹੁੰਚ ਕਰਨ ਦੀ ਕੋਸ਼ਿਸ਼ ਕਰਦਾ ਹੈ। ਪਿੰਨ ਦੀ ਵਰਤੋਂ ਵੱਖ-ਵੱਖ ਪ੍ਰਣਾਲੀਆਂ ਅਤੇ ਨੈੱਟਵਰਕਾਂ ਜਿਵੇਂ ਕਿ ਮੋਬਾਈਲ ਫ਼ੋਨ, ਲੈਪਟਾਪ, ਕੰਪਿਊਟਰ ਆਦਿ ਲਈ ਕੀਤੀ ਜਾਂਦੀ ਹੈ। ਇਸ ਦੀ ਸ਼ੁਰੂਆਤ 15 ਅਗਸਤ,1972 ਨੂੰ ਹੋਈ ਸੀ। ਇਸ ਵਿੱਚ 9 ਖੇਤਰਾਂ ਨੂੰ ਵੱਖ-ਵੱਖ ਵਿਲੱਖਣ ਪਿੰਨ ਅਲਾਟ ਕੀਤੇ ਗਏ ਹਨ, ਜਿਸ ਵਿੱਚ 8 ਭੂਗੋਲਿਕ ਖੇਤਰ ਹਨ ਜਦੋਂ ਕਿ 9 ਅੰਕ ਆਰਮੀ ਡਾਕ ਸੇਵਾ ਲਈ ਰਾਖਵੇਂ ਰੱਖੇ ਗਏ ਹਨ। ਦੇਸ਼ ਵਿੱਚ ਕੁੱਲ 19,101 ਪਿੰਨ ਹਨ

# ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਭਾਰਤ ਦੇ ਸਾਬਕਾ ਰਾਸਟਰਪਤੀ ਗਿਆਨੀ ਜ਼ੈਲ ਸਿੰਘ ਦੀ ਬਰਸੀ ਮੌਕੇ ਸ਼ਰਧਾ ਦੇ ਫੁੱਲ ਭੇਟ ਕੀਤੇ

## ਗਿਆਨੀ ਜ਼ੈਲ ਸਿੰਘ ਨੇ ਆਪਣੇ ਕਾਰਜ਼ਕਾਲ ਦੌਰਾਨ ਹਰ ਵਰਗ ਨੂੰ ਸਤਿਕਾਰ ਦਿੱਤਾ



ਫਰੀਦਕੋਟ, 25 ਦਸੰਬਰ (ਗਿਆਨ ਸਿੰਘ): ਪਿੰਡ ਸੰਧਵਾਂ ਵਿਖੇ 5 ਮਈ 1916 ਨੂੰ ਗਿਆਨੀ ਜ਼ੈਲ ਸਿੰਘ ਨੇ ਮਾਤਾ ਇੰਦ ਕੌਰ ਦੀ ਕੁਖੋ ਭਾਈ ਕਿਸ਼ਨ ਸਿੰਘ ਦੇ ਘਰ ਪਿੰਡ ਸੰਧਵਾਂ ਵਿਖੇ ਜਨਮ ਲਿਆ ਸੀ।ਉਨਾਂ ਦਾ ਸਿੱਖ ਧਰਮ ਅਤੇ ਗੁਰਬਾਣੀ ਵਿਚ ਅਟੁੱਟ ਵਿਸ਼ਵਾਸ ਅਤੇ ਸ਼ਰਧਾ ਸੀ। ਇਨ੍ਹਾਂ ਦਾ ਪਿਛੋਕੜ ਕ੍ਰਿਤੀ ਪ੍ਰੀਵਾਰ ਸਬੰਧਿਤ ਸੀ।

ਗਿਆਨੀ ਜੀ ਨੇ ਆਪਣੇ ਜੀਵਨ ਨੂੰ ਗੁਰਬਾਣੀ ਦੇ ਇਸ ਕੱਥਨ ਅਨੁਸਾਰ ਢਾਲਿਆ,

"ਫ਼ਰੀਦਾ ਸਭ ਸੇ ਹਮੁ ਬੁਰੇ, ਹਮ ਤੱਜ ਭਲਾ ਸਭ ਕੋਇ"

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਰਦਾਰ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਅੱਜ ਗਿਆਨੀ ਜ਼ੈਲ ਸਿੰਘ ਜੀ ਦੀ ਬਰਸੀ ਮੌਕੇ ਓਹਨਾਂ ਦੀ ਯਾਦਗਰ ਤੇ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਕੀਤਾ।

ਸਰਦਾਰ ਸੰਧਵਾਂ ਨੇ ਕਿਹਾ ਕਿ ਗਿਆਨੀ ਜੀ ਨੇ ਮੁੱਖ ਮੰਤਰੀ ਦਾ ਅਹੁੱਦਾ ਸੰਭਾਲਣ ਉਪਰੰਤ ਸਭ ਤੋਂ ਪਹਿਲਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਦੋ ਤਖ਼ਤਾਂ ਸ੍ਰੀ ਅਨੰਦਪੁਰ ਸਾਹਿਬ ਤੇ ਤਖ਼ਤ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਜੋੜ੍ਹਨ ਵਾਲਾ 640 ਕਿਲੋਮੀਟਰ "ਗੁਰੂ ਗੋਬਿੰਦ ਸਿੰਘ ਮਾਰਗ" ਬਣਵਾਇਆ।

ਗਿਆਨੀ ਜ਼ੈਲ ਸਿੰਘ ਬਹੁਤ ਸੂਝਵਾਨ ਅਤੇ ਦੂਰਦਰਸ਼ੀ ਸਨ। ਉਹ ਨਿੱਘੇ ਸੁਭਾਅ ਦੇ ਵਿਅਕਤੀ ਸਨ। ਉਨਾਂ ਦਾ ਵਡੱਪਣ ਇਹ ਸੀ ਕਿ ਉਹ ਆਮ ਲੋਕਾਂ ਤੋਂ ਲੈ ਕੇ ਆਪਣੇ ਵਿਰੋਧੀਆਂ ਤਕ ਨਿਮਰਤਾ ਤੇ ਹਲੀਮੀ ਨਾਲ ਪੇਸ਼ ਆਉਦੇ ਸਨ। ਇਤਿਹਾ-ਸਕ ਪੱਖ ਤੇ ਨਜ਼ਰ ਮਾਰੀਏ ਤਾਂ ਇਤਫ਼ਾਕ ਨਾਲ ਗਿਆਨੀ ਜ਼ੈਲ ਸਿੰਘ ਨੂੰ 25 ਜੁਲਾਈ 1982 ਨੂੰ ਭਾਰਤ ਦੇ 7ਵੇਂ ਰਾਸ਼ਟਰਪਤੀ ਬਣਨ ਉਪਰੰਤ ਲਾਲ ਕਿਲੇ ਦੀ ਫ਼ਸੀਲ ਤੇ 26 ਜਨਵਰੀ 1983 ਨੂੰ ਤਿਰੰਗਾ ਲਹਿਰਾਉਣ ਦਾ ਮਾਣ ਪ੍ਰਾਪਤ ਹੋਇਆ ਸੀ ਅਤੇ ਉਹ ਇਸ ਅਹੁੱਦੇ ਤੇ 25 ਜੁਲਾਈ, 1987 ਤਕ ਰਹੇ। ਉਹ ਇਸ ਤੋਂ ਪਹਿਲਾ ਪੈਪਸੂ ਵਿਚ ਮਾਲ ਅਤੇ ਖੇਤੀਬਾੜੀ ਮੰਤਰੀ, 1972 ਤੋਂ 1977 ਵਿਚ ਪੰਜਾਬ ਦੇ ਮੁੱਖ ਮੰਤਰੀ, 1980 ਤੋਂ 1982 ਤਕ ਵਿਚ ਭਾਰਤ ਦੇ ਗ੍ਰਹਿ ਮੰਤਰੀ ਰਹੇ। ਉਹ ਸਾਰੀ ਉਮਰ ਭਾਰਤੀ ਰਾਸ਼ਟਰੀ ਕਾਗਰਸ ਪਾਰਟੀ ਦੇ ਸਰਗਰਮ ਨੇਤਾ ਰਹੇ।

ਗਿਆਨੀ ਜੀ ਵੱਲੋਂ ਫ਼ਰੀਦਕੋਟ ਵਿਖੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਬਣਵਾਇਆ ਗਿਆ,ਜੋ ਹੁਣ ਬਾਬਾ ਫ਼ਰੀਦ ਮੈਡੀਕਲ ਯੂਨੀਵਰਸਟੀ ਬਣ ਗਈ ਹੈ, ਪੱਛੜੇ ਇਲਾਕੇ ਦੇ ਲੋਕਾਂ ਲਈ ਵੱਡੀ ਸਹੂਲਤ ਹੈ। ਗਿਆਨੀ ਜੀ ਨੇ ਜੇਲ੍ਹਾਂ ਦੇ ਸੁਧਾਰ ਲਈ ਵੀ ਵਿਸ਼ੇਸ ਧਿਆਨ ਦਿੱਤਾ।ਉਨ੍ਹਾਂ ਦੀ ਯਾਦ ਵਿਚ ਫ਼ਰੀਦਕੋਟ ਦੀ ਪੁਰਾਣੀ ਜੇਲ੍ਹ ਵਾਲੀ ਥਾਂ ਤੇ ਯਾਦਗਾਰ ਕਾਇਮ ਕੀਤੀ ਗਈ ਹੈ,ਜਿੱਥੇ ਉਨਾਂ ਜੇਲ੍ਹ ਕੱਟੀ ਸੀ।

ਅੱਜ ਕੁਲਤਾਰ ਸਿੰਘ ਸੰਧਵਾਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਗਿਆਨੀ ਜੀ ਨੂੰ ਸ਼ਰਧਾ ਦੇ ਫੁੱਲ ਕੀਤੇ। ਇਸ ਮੌਕੇ ਸਪੀਕਰ ਸੰਧਵਾ ਨੇ ਕਿਹਾ ਕੇ ਬਦਲਾਖੋਰੀ ਦੀ ਸਿਆ-ਸਤ ਤੋਂ ਉਪਰ ਉੱਠ ਕੇ ਪੰਜਾਬ, ਪੰਜਾਬੀ ਅਤੇ ਪੰਜਬੀਅਤੇ ਦੇ ਭਲੇ ਲਈ ਮਿਲਜੁਲ ਕੇ ਕੰਮ ਕਰੀਏ। ਉਨ੍ਹਾਂ ਕਿਹਾ ਕਿ ਗਿਆਨੀ ਜੈਲ ਸਿੰਘ ਨੇ ਆਪਣੇ ਜੀਵਨ ਦੌਰਾਨ ਧਾਰਮਿਕ ਨਿਰਪੱਖਤਾ, ਮਨੁੱਖਤਾ ਨਾਲ ਪਿਆਰ, ਪੰਜਾਬ ਤੇ ਪੰਜਾਬੀਆਂ ਦੇ ਵਿਕਾਸ ਲਈ ਹਮੇਸ਼ਾ ਯਤਨ ਕੀਤੇ।


# ਲੋਪੋਕੇ ਪੁਲਿਸ ਵੱਲੋਂ ਪਾਕਿਸਤਾਨੀ ਡਰੋਨ ਰਾਹੀਂ ਸੁੱਟੀ ਹੈਰੋਇਨ ਬਰਾਮਦ

ਅੰਮ੍ਰਿਤਸਰ, 25 ਦਸੰਬਰ 2023: ਭਾਰਤ ਪਾਕਿਸਤਾਨ ਕੌਮਾਂਤਰੀ ਸਰਹੱਦੀ ਪਿੰਡ ਕੱਕੜ ਵਿਖੇ ਲੋਪੋਕੇ ਪੁਲਿਸ ਤੇ ਬੀ.ਐੱਸ.ਐੱਫ. ਵੱਲੋਂ ਪਾਕਿਸਤਾਨੀ ਡਰੋਨ ਰਾਹੀਂ ਸੁੱਟੀ ਇਕ ਪੈਕਟ ਹੈਰੋਇਨ () ਬਰਾਮਦ ਕਰਨ ਚ ਸਫਲਤਾ ਹਾਸਲ ਕੀਤੀ ਹੈ।

ਦੇਰ ਰਾਤ ਭਾਰਤ ਪਾਕਿਸਤਾਨ ਦੇ ਸਰਹੱਦੀ ਪਿੰਡ ਕੱਕੜ ਵਿਖੇ ਡਰੋਨ ਦੀ ਹਲਚਲ ਸੁਣਾਈ ਦਿੱਤੀ ਜਿਸ ਤੇ ਕਾਰਵਾਈ ਕਰਦੇ ਹੋਏ ਬੀ.ਓ.ਪੀ. 22 ਬਟਾਲੀਅਨ ਦੇ ਜਵਾਨ ਤੇ ਥਾਣਾ ਲੋਪੋਕੇ ਦੀ ਪੁਲਿਸ ਵੱਲੋਂ ਬੀ.ਐੱਸ.ਐੱਫ. ਵਲੋਂ ਪਿੰਡ ਨੂੰ ਘੇਰਾ ਪਾ ਕੇ ਤਲਾਸ਼ੀ ਅਭਿਆਨ ਚਲਾਇਆ ਗਿਆ . ਜਿਸ ਦੌਰਾਨ ਤਲਾਸ਼ੀ ਦੌਰਾਨ ਇਕ ਪੈਕਟ ਹੈਰੋਇਨ ਬਰਾਮਦ ਕੀਤਾ ਹੈ . ਥਾਣਾ ਲੋਪੋਕੇ ਵਿਖੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਐੱਨ.ਡੀ.ਪੀ.ਐੱਸ. ਐਕਟ ਅਧੀਨ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਮੌਤ ਦਰ 'ਤੇ ਮੰਤਰੀ ਦੇ ਜਵਾਬ ਤੋਂ ਅਰੋੜਾ ਅਸੰਤੁਸ਼ਟ



ਲੁਧਿਆਣਾ, 25 ਦਸੰਬਰ (ਗਿਆਨ ਸਿੰਘ): ਸੰਸਦ ਮੈਂਬਰ (ਰਾਜ ਸਭਾ) ਸੰਜੀਵ ਅਰੋੜਾ ਨੇ ਹਾਲ ਹੀ ਵਿੱਚ ਸਮਾਪਤ ਹੋਏ ਸਰਦ ਰੁੱਤ ਇਜਲਾਸ ਵਿੱਚ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਮੌਤ ਦਰ ਬਾਰੇ ਪੁੱਛੇ ਗਏ ਸਵਾਲਾਂ ਦੇ ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸਮ੍ਰਿਤੀ ਜ਼ੁਬਿਨ ਇਰਾਨੀ ਵੱਲੋਂ ਦਿੱਤੇ ਗਏ ਜਵਾਬ 'ਤੇ ਅਸੰਤੁਸ਼ਟੀ ਜ਼ਾਹਰ ਕੀਤੀ ਹੈ।

ਅਰੋੜਾ ਨੇ ਪਿਛਲੇ ਪੰਜ ਸਾਲਾਂ ਦੌਰਾਨ ਦੇਸ਼ ਵਿੱਚ ਰਾਜ/ਯੂਟੀ-ਵਾਰ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਮੌਤ ਦਰ ਦੇ ਵੇਰਵੇ ਮੰਗੇ ਸਨ। ਉਨ੍ਹਾਂ ਨੇ ਇਹ ਵੀ ਪੁੱਛਿਆ ਸੀ ਕਿ ਕੀ ਸਰਕਾਰ ਦੀ 'ਉੱਚ-ਜੋਖਮ ਵਾਲੇ ਜਨਮ' ਦੀ ਪਛਾਣ ਕਰਨ ਵਿੱਚ ਮਦਦ ਕਰਨ ਲਈ ਡਾਕਟਰਾਂ ਅਤੇ ਦੇਖਭਾਲ ਕਰਨ ਵਾਲਿਆਂ ਵੱਲੋਂ 'ਡਿਸੀਜ਼ਨ ਸਪੋਰਟ ਸਿਸਟਮ' ਦੇ ਰੂਪ ਵਿਚ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਨੂੰ ਸ਼ਾਮਲ ਕਰਨ ਦੀ ਕੋਈ ਯੋਜਨਾ ਹੈ, ਜਿਸ ਨਾਲ ਬਾਲ ਮੌਤ ਦਰ ਨੂੰ ਘਟਾਇਆ ਜਾ ਸਕਦਾ ਹੈ; ਅਤੇ ਜੇਕਰ ਹਾਂ, ਤਾਂ ਸਰਕਾਰ ਨੇ ਇਹਨਾਂ ਸੰਖਿਆਵਾਂ ਨੂੰ ਘਟਾਉਣ ਲਈ ਕੀ ਕਦਮ ਚੁੱਕੇ ਹਨ।

ਅੱਜ ਇੱਥੇ ਇੱਕ ਬਿਆਨ ਵਿੱਚ ਅਰੋੜਾ ਨੇ ਕਿਹਾ ਕਿ ਮੰਤਰੀ ਨੇ ਪਿਛਲੇ ਪੰਜ ਕੈਲੰਡਰ ਸਾਲਾਂ (2016 ਤੋਂ 2020 ਤੱਕ) ਲਈ ਰਾਜ/ਯੂਟੀ-ਵਾਰ ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੀ ਮੌਤ ਦਰ ਦੇ ਅੰਕੜੇ ਮੁਹੱਈਆ ਕਰਵਾਏ ਹਨ। ਉਨ੍ਹਾਂ ਕਿਹਾ ਕਿ ਇਸ ਡੇਟਾ ਦਾ ਕੋਈ ਮਹੱਤਵ ਨਹੀਂ ਹੈ ਕਿਉਂਕਿ ਇਹ ਪੁਰਾਣਾ ਡੇਟਾ ਜਾਪਦਾ ਹੈ। ਉਨ੍ਹਾਂ ਕਿਹਾ ਕਿ ਮੰਤਰੀ ਨੂੰ ਘੱਟੋ-ਘੱਟ ਸਾਲ 2021 ਅਤੇ 2022 ਦਾ ਅੱਪਡੇਟ ਡਾਟਾ ਮੁਹੱਈਆ ਕਰਵਾਉਣਾ ਚਾਹੀਦਾ ਸੀ ਤਾਂ ਜੋ ਤਾਜ਼ਾ ਸਥਿਤੀ ਦਾ ਪਤਾ ਲੱਗ ਸਕੇ।

ਮੰਤਰੀ ਨੇ ਆਪਣੇ ਜਵਾਬ ਵਿੱਚ ਦੱਸਿਆ ਕਿ ਸਿਹਤ ਅਤੇ ਪਰਿਵਾਰ ਕਲਿਆਣ ਮੰਤਰਾਲਾ (ਐਮ.ਓ.ਐਚ.ਐਫ.ਡਬਲਯੂ.) ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵੱਲੋਂ ਪੇਸ਼ ਕੀਤੀ ਗਈ ਅੰਨੁਅਲ ਪ੍ਰੋਗਰਾਮ ਇਮਪਲੇਮੈਂਟੇਸ਼ਨ ਪਲਾਨ (ਏ.ਪੀ.ਆਈਪੀ.) ਦੇ ਆਧਾਰ 'ਤੇ ਨੈਸ਼ਨਲ ਹੈਲਥ ਮਿਸ਼ਨ (ਐਨ.ਐਚ.ਐਮ.) ਦੇ ਤਹਿਤ ਪ੍ਰਜਨਨ, ਮਾਵਾਂ, ਨਵਜੰਮੇ, ਬੱਚੇ, ਕਿਸ਼ੋਰ ਸਿਹਤ ਅਤੇ ਪੋਸ਼ਣ ਰਣਨੀਤੀ ਨੂੰ ਲਾਗੂ ਕਰਨ ਵਿੱਚ ਸਾਰੇ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀ ਮਦਦ ਕਰਦਾ ਹੈ।

ਮੰਤਰੀ ਨੇ ਆਪਣੇ ਜਵਾਬ ਵਿੱਚ ਦੱਸਿਆ ਕਿ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ (ਐਮ.ਓ.ਐਚ.ਐਫ.ਡਬਲਯੂ) ਨੈਸ਼ਨਲ ਹੈਲਥ ਮਿਸ਼ਨ ਦੇ ਤਹਿਤ ਰੀਪ੍ਰੋਡਕਟਿਵ, ਮੈਟਰਨਲ, ਨਿਊ-ਬੋਰਨ, ਚਾਈਲਡ, ਅਡੋਲੈਸੈਂਟ ਹੈਲਥ ਐਂਡ ਨਿਊਟ੍ਰੀਸ਼ਨ (+) ਰਣਨੀਤੀ ਨੂੰ ਲਾਗੂ ਕਰਨ ਵਿੱਚ ਸਾਰੇ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀ ਮਦਦ ਕਰਦਾ ਹੈ। ਬਾਲ ਰੋਗ ਅਤੇ ਮੌਤ ਦਰ ਨੂੰ ਘਟਾਉਣ ਲਈ ਸਾਰੇ ਦਖਲਅੰਦਾਜ਼ੀ ਲਿੰਗ, ਜਾਤ ਅਤੇ ਧਰਮ 'ਤੇ ਬਿਨਾਂ ਕਿਸੇ ਭੇਦਭਾਵ ਦੇ ਕਬਾਇਲੀ ਅਤੇ ਹਾਸ਼ੀਏ 'ਤੇ ਪਈਆਂ ਆਬਾਦੀਆਂ 'ਤੇ ਧਿਆਨ

ਕੇਂਦਰਿਤ ਕਰਦੇ ਹੋਏ ਸਾਰੇ ਰਾਜਾਂ/ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਵਿਆਪਕ ਤੌਰ 'ਤੇ ਲਾਗੂ ਕੀਤੇ ਜਾ ਰਹੇ ਹਨ।

ਇਸ ਤੋਂ ਇਲਾਵਾ, ਮੰਤਰੀ ਨੇ ਦੇਸ਼ ਵਿੱਚ ਪੰਜ ਸਾਲ ਤੋਂ ਘੱਟ ਉਮਰ ਦੀ ਮੌਤ ਦਰ ਨੂੰ ਘਟਾਉਣ ਲਈ ਐਮ.ਓ.ਐਚ.ਐਫ.ਡਬਲਯੂ. ਦੇ ਮੁੱਖ ਦਖਲਅੰਦਾਜ਼ੀ ਦਾ ਜ਼ਿਕਰ ਕੀਤਾ। ਇਹਨਾਂ ਪ੍ਰਮੁੱਖ ਦਖਲਅੰਦਾਜ਼ੀ ਵਿੱਚ ਨਵਜੰਮੇ ਬੱਚਿਆਂ ਦੀ ਸਹੂਲਤ-ਅਧਾਰਤ ਨਵਜਾਤ ਦੇਖਭਾਲ ਅਤੇ ਨਵਜਾਤ ਅਤੇ ਛੋਟੇ ਬੱਚਿਆਂ ਦੀ ਕਮਿਊਨਿਟੀ-ਅਧਾਰਿਤ ਦੇਖਭਾਲ ਸ਼ਾਮਿਲ ਹੈ।

ਮੁੱਖ ਦਖਲਅੰਦਾਜ਼ੀ ਵਿੱਚ ਨਮੂਨੀਆ ਕਾਰਨ ਬਚਪਨ ਦੀ ਬਿਮਾਰੀ ਅਤੇ ਮੌਤ ਦਰ ਨੂੰ ਘਟਾਉਣ ਲਈ 2019 ਤੋਂ ਲਾਗੂ ਕੀਤੀ ਗਈ ਸਮਾਜਿਕ ਜਾਗਰੂਕਤਾ ਅਤੇ ਨਮੂਨੀਆ ਨੂੰ ਸਫਲਤਾਪੂਰਵਕ ਬੇਅਸਰ ਕਰਨ ਲਈ ਕੀਤੀ ਗਈ ਪਹਿਲ ਅਤੇ ਰਾਸ਼ਟਰੀ ਬਾਲ ਸਿਹਤ ਪ੍ਰੋਗਰਾਮ ਵੀ ਸ਼ਾਮਿਲ ਹੈ।

ਇਸ ਤੋਂ ਇਲਾਵਾ, ਓਆਰਐਸ ਅਤੇ ਜ਼ਿੰਕ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਅਤੇ ਇੰਟੈਂਸੀਫਾਈਡ ਡਾਇਰੀਆ ਕੰਟਰੋਲ ਪੰਦਰਵਾੜਾ/ਡੀਫੀਟ ਡਾਇਰੀਆ (ਡੀ2) ਪਹਿਲਕਦਮੀ ਲਾਗੂ ਕੀਤੀ ਗਈ ਹੈ। ਇਸ ਤੋਂ ਇਲਾਵਾ, ਮਾਵਾਂ ਅਤੇ ਬੱਚੇ ਦੇ ਬਚਾਅ ਅਤੇ ਸਿਹਤ ਨਤੀਜਿਆਂ ਨੂੰ ਬਿਹਤਰ ਬਣਾਉਣ ਲਈ ਹੈਲਥਕੇਅਰ ਪ੍ਰੋਵੀਡੇਰਸ ਦੇ ਕਈ ਕੈਪਾਸਿਟੀ ਬਿਲਡਿੰਗ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ।



